SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | **Vol 23* Issue 235** | **Wednesday, 25 December 2024** | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' *Online*ਰੋਜ਼ਾਨਾ ਪੜ੍ਹ ਸਕਦੇ ਹੋ







# ਪੁਲਿਸ ਨੇ ਬਰੈਂਪਟਨ ਦੇ ਘਰ ’ਚੋਂ ਤਿੰਨ ਅਗਵਾਹ ਕੀਤੇ ਵਿਅਕਤੀਆਂ ਨੂੰ ਛੁਡਵਾਇਆ

## 10 ਮੁਲਜ਼ਮਾਂ ’ਤੇ ਲਗਾਏ ਚਾਰਜਿਜ਼

ਟੋਰਾਂਟੋ, 24 ਦਸੰਬਰ (ਪੋਸਟ ਬਿਊਰੋ): ਪੀਲ ਖੇਤਰ ਵਿੱਚ ਪੁਲਿਸ ਵੱਲੋਂ ਬਰੈਂਪਟਨ ਦੇ ਇੱਕ ਘਰ ਵਿੱਚ ਅਗਵਾਹ ਕੀਤੇ ਤਿੰਨ ਪੀੜਤਾਂ ਦੀ ਭਾਲ ਤੋਂ ਬਾਅਦ ਦਸ ਲੋਕਾਂ ’ਤੇ ਕਈ ਚਾਰਜਿਜ਼ ਲਗਾਏ ਗਏ ਹਨ।



ਪੀਲ ਰੀਜਨ ਪੁਲਿਸ ਨੇ ਕਿਹਾ ਕਿ 17 ਦਸੰਬਰ ਨੂੰ ਅਧਿਕਾਰੀਆਂ ਨੇ ਅਗਵਾਹ ਦੀ ਜਾਂਚ ਦੇ ਜਵਾਬ ਵਿਚ ਸੈਂਡਲਵੁਡ ਪਾਰਕਵੇ ਅਤੇ ਮੇਫੀਲਡ ਰੋਡ ਵਿਚਕਾਰ ਕੈਨੇਡੀ ਰੋਡ ਨਾਰਥ ਅਤੇ ਕੰਜਰਵੇਸ਼ਨ ਡਰਾਈਵ ਕੋਲ ਇੱਕ ਪਤੇ ’ਤੇ ਜਾਕੇ ਜਾਂਚ ਕੀਤੀ।

ਪੁਲਿਸ ਨੇ ਦੱਸਿਆ ਕਿ ਜਦੋਂ ਟੈਕਟਿਕਲ ਯੂਨਿਟ ਦੀ ਸਹਾਇਤਾ ਨਾਲ ਉਹ ਘਰ ਵਿੱਚ ਦਾਖਲ ਹੋਏ ਤਾਂ ਤਿੰਨ ਪੀੜਤ ਮਿਲੇ, ਜਿਨ੍ਹਾਂ ਨੂੰ ਬਚਾ ਲਿਆ ਗਿਆ ਅਤੇ ਸੁਰੱਖਿਅਤ ਸਥਾਨ ’ਤੇ ਲਿਜਾਇਆ ਗਿਆ।

ਪੁਲਿਸ ਨੇ ਕਿਹਾ ਕਿ ਉਨ੍ਹਾਂ ਨੇ ਫਿਰ ਸਰਚ ਵਾਰੰਟ ਨੂੰ ਅੰਜ਼ਾਮ ਦਿੱਤਾ, ਜਿਸਦੇ ਨਤੀਜੇ ਵਜੋਂ ਇੱਕ ਲੋਡੇਡ ਰਗਰ ਸਿਕਿਓਰਿਟੀ 9 ਹੈਂਡਗੰਨ, ਇੱਕ ਗਲਾਕ 17 ਜਨਰਲ 5 ਹੈਂਡਗੰਨ ਅਤੇ ਗੋਲਾ-ਬਾਰੂਦ ਜ਼ਬਤ ਕੀਤੇ ਗਏ।

ਉਸ ਘਰ ਅੰਦਰ ਦਸ ਹੋਰ ਵਿਅਕਤੀ ਵੀ ਸਨ। ਉਨ੍ਹਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਉਨ੍ਹਾਂ ’ਤੇ ਅਗਵਾਹ, ਜ਼ਬਰਨ ਬੰਧਕ ਬਣਾਉਣ, ਸਰੀਰਕ ਨੁਕਸਾਨ ਪਹੁੰਚਾਉਣ ਅਤੇ ਅਲੱਗ-ਅਲੱਗ ਫਾਇਰਆਰਮਜ਼ ਅਪਰਾਧਾਂ ਦੇ ਚਾਰਜਿਜ਼ ਲਗਾਏ ਗਏ।

# ਯਾਰਕ ਰੀਜਨ ਪੁਲਿਸ ਨੇ ਕਾਰ ਚੋਰੀ ਕਰਨ ਦੀ ਕੋਸ਼ਿਸ਼ ਨੂੰ ਕੀਤਾ ਨੂੰ ਅਸਫਲ

ਟੋਰਾਂਟੋ, 24 ਦਸੰਬਰ (ਪੋਸਟ ਬਿਊਰੋ): ਪੁਲਿਸ ਨੇ ਦੱਸਿਆ ਕਿ ਕਿਊਬੇਕ ਦਾ ਇੱਕ ਸ਼ੱਕੀ ਵਿਅਕਤੀ ਜੋ ਪਿਛਲੇ ਸ਼ੁੱਕਰਵਾਰ ਨੂੰ ਸਟਾਫਵਿਲੇ ਵਿੱਚ ਇੱਕ ਲਗਜ਼ਰੀ ਕਾਰ ਚੋਰੀ ਕਰਨ ਦੀ ਕੋਸ਼ਿਸ਼ ਕਰ ਰਿਹਾ ਸੀ, ਉਸਨੂੰ key fob programmer ਨਾਲ ਫੜ੍ਹਿਆ ਹੈ।



ਮੰਗਲਵਾਰ ਨੂੰ ਯਾਰਕ ਰੀਜਨ ਪੁਲਿਸ ਨੇ ਕਿਹਾ ਕਿ ਅਧਿਕਾਰੀਆਂ ਨੂੰ ਹੂਵਰ ਪਾਰਕ ਡਰਾਈਵ ਅਤੇ 9th ਲਾਈਨ ਕੋਲ ਇਨਾ ਲੇਨ ਅਤੇ ਮੋਸਟ-ਾਰ ਸਟਰੀਟ ਦੇ ਇਲਾਕੇ ਵਿੱਚ ਸਵੇਰੇ 2 ਵਜੇ ਤੋਂ ਬਾਅਦ ਇੱਕ ਪੀੜਤ ਨੇ ਬੁਲਾਇਆ ਸੀ, ਜਿਸਨੇ ਦੱਸਿਆ ਸੀ ਕਿ ਉਨ੍ਹਾਂ ਦੀ Lexus GX460 ਚੋਰੀ ਹੋ ਰਹੀ ਹੈ ।

ਪੁਲਿਸ ਨੇ ਦੱਸਿਆ ਕਿ ਅਧਿਕਾਰੀਆਂ ਨੇ ਇੱਕ ਸ਼ੱਕੀ ਵਿਅਕਤੀ ਨੂੰ ਲੱਭਿਆ ਜੋ ਘਟਨਾ ਸਥਾਨ ਤੋਂ ਪੈਦਲ ਭੱਜ ਰਿਹਾ ਸੀ। ਉਨ੍ਹਾਂ ਨੇ ਦੱਸਿਆ ਕਿ ਉਸਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਅਤੇ ਉਸ ਕੋਲੋਂ ਡਿਵਾਈਸ ਮਿਲੀ ਹੈ।

ਪੁਲਿਸ ਨੇ ਕਿਹਾ ਕਿ ਚੋਰੀ ਅਸਫਲ ਰਹੀ। ਪੀੜਤ ਦਾ ਵਾਹਨ ਨੁਕਸਾਨਿਆ ਗਿਆ ਪਰ ਚੋਰੀ ਨਹੀਂ ਹੋਇਆ। ਇੱਕ ਸ਼ੱਕੀ ਵਾਹਨ, ਜਿਸਨੂੰ ਗਰੇ ਮਰਸਿਡੀਜ਼-ਬੇਂਜ ਸੇਡਾਨ ਦੱਸਿਆ ਗਿਆ, ਨੂੰ ਵੀ ਇਲਾਕੇ ’ਚੋਂ ਜਾਂਦੇ ਹੋਏ ਵੇਖਿਆ ਗਿਆ।

ਪੁਲਿਸ ਨੇ Chateauguay ਕਿਊਬਿਕ ਦੇ 27 ਸਾਲਾ ਸ਼ੱਕੀ ਦੀ ਪਹਿਚਾਣ ਰਹੀਮ ਮਤੀਨਜਾਮ ਦੇ ਰੂਪ ਵਿੱਚ ਕੀਤੀ ਹੈ, ਜਿਸ ’ਤੇ ਇਸ ਘਟਨਾ ਦੇ ਸੰਬੰਧ ਵਿੱਚ ਚਾਰ ਚਾਰਜਿਜ਼ ਹਨ।

# ਯਾਰਕਡੇਲ ਮਾਲ ਕੋਲ ਟੀਟੀਸੀ ਬਸ ਤੇ ਕਾਰ ਦੀ ਟੱਕਰ ’ਚ ਦੋ ਲੋਕ ਜ਼ਖ਼ਮੀ



ਟੋਰਾਂਟੋ, 24 ਦਸੰਬਰ (ਪੋਸਟ ਬਿਊਰੋ): ਪੁਲਿਸ ਨੇ ਦੱਸਿਆ ਕਿ ਮੰਗਲਵਾਰ ਸਵੇਰੇ ਯਾਰਕਡੇਲ ਮਾਲ ਕੋਲ ਟੀਟੀਸੀ ਬਸ ਨਾਲ ਹੋਈ ਕਾਰ ਦੀ ਟੱਕਰ ’ਚ ਦੋ ਲੋਕ ਜ਼ਖਮੀ ਹੋ ਗਏ ਅਤੇ ਉਨ੍ਹਾਂ ਨੂੰ ਹਸਪਤਾਲ ਲਿਜਾਇਆ ਗਿਆ।

ਇਹ ਦੁਰਘਟਨਾ ਸ਼ਹਿਰ ਵਿੱਚ ਬਰਫੀਲੀ ਸ਼ਾਮ ਤੋਂ ਬਾਅਦ ਡਫਰਿਨ ਸਟਰੀਟ ਅਤੇ ਯਾਰਕਡੇਲ ਰੋਡ ਦੇ ਇਲਾਕੇ ਵਿੱਚ ਲਗਭਗ 12:30 ਵਜੇ ਹੋਈ। ਇਹ ਸਪੱਸ਼ਟ ਨਹੀਂ ਹੈ ਕਿ ਟੱਕਰ ਕਿਸ ਕਾਰਨ ਨਾਲ ਹੋਈ ਪਰ ਘਟਨਾ ਦੀ ਝਾਣ ਤੋਂ ਪਤਾ ਚਲਦਾ ਹੈ ਕਿ ਬਸ ਨਾਲ ਟਕਰਾਉਣ ਤੋਂ ਬਾਅਦ ਐੱਸਯੂਵੀ ਟ੍ਰੈਫਿਕ ਲਾਈਟ ਦੇ ਖੰਭੇ ਨਾਲ ਟਕਰਾ ਗਈ।

ਟੋਰਾਂਟੋ ਪੈਰਾਮੇਡਿਕ ਸਰਵਿਸੇਜ ਨੇ ਦੱਸਿਆ ਕਿ ਦੋ ਬਾਲਗਾਂ ਨੂੰ ਮਾਮੂਲੀ ਸੱਟਾਂ ਲੱਗੀਆਂ ਹਨ ਅਤੇ ਉਨ੍ਹਾਂ ਨੂੰ ਹਸਪਤਾਲ ਲਿਜਾਇਆ ਗਿਆ। ਇਸ ਗੱਲ ਦੀ ਪੁਸ਼ਟੀ ਨਹੀਂ ਹੋਈ ਹੈ ਕਿ ਜ਼ਖ਼ਮੀ ਲੋਕ ਬਸ ਵਿੱਚ ਸਨ ਜਾਂ ਕਾਰ ਵਿਚ।

# ਬਰੈਂਪਟਨ ਵਿੱਚ ਅਸ਼ਲੀਲ ਹਰਕਤ ਕਰਨ ਵਾਲੇ ਵਿਅਕਤੀ ’ਤੇ ਲੱਗੇ ਚਾਰਜਿਜ਼

ਟੋਰਾਂਟੋ, 24 ਦਸੰਬਰ (ਪੋਸਟ ਬਿਊਰੋ): ਪੀਲ ਖੇਤਰ ਵਿੱਚ ਪੁਲਿਸ ਨੇ ਬਰੈਂਪਟਨ ਵਿੱਚ ਹਾਲ ਹੀ ਵਿੱਚ ਦੁਰਵਿਵਹਾਰ ਦੀ ਜਾਂਚ ਦੇ ਸਿਲਸਿਲੇ ਵਿੱਚ ਇੱਕ ਯੌਨ ਅਪਰਾਧੀ ਨੂੰ ਗ੍ਰਿਫ਼ਤਾਰ ਕੀਤਾ ਹੈ ਅਤੇ ਉਸ ’ਤੇ ਚਾਰਜਿਜ਼ ਲਗਾਇਆ ਹੈ।

ਪੁਲਿਸ ਨੇ ਦੱਸਿਆ ਕਿ 20 ਦਸੰਬਰ ਨੂੰ ਉਨ੍ਹਾਂ ਨੂੰ ਸੈਂਡਲਵੁਡ ਪਾਰਕਵੇ ਵੇਸਟ ਦੇ ਉੱਤਰ ਅਤੇ ਚਿੰਗੁਆਕੋਂਸੀ ਰੋਡ ਦੇ ਪੂਰਵ ਵਿੱਚ ਮੈਡਰੋਨਾ ਗਾਰਡਨ ਅਤੇ ਮੋਂਟੋਆ ਗੇਟ ਦੇ ਇਲਾਕੇ ਵਿੱਚ ਬੁਲਾਇਆ ਗਿਆ ਸੀ। ਜਿੱਥੇ ਹੋਂਡਾ ਫਿਟ ਵਿੱਚ ਇਲਾਕੇ ’ਚ ਘੁੰਮ ਰਹੇ ਇੱਕ ਵਿਅਕਤੀ ਵੱਲੋਂ ਅਸ਼ਲੀਲ ਹਰਕਤ ਕਰਨ ਦੀ ਸੂਚਨਾ ਮਿਲੀ ਸੀ।



ਬਰੈਂਪਟਨ ਦੇ 50 ਸਾਲਾ ਰਿਚਰਡ ਵਾਕੇ ਨੂੰ ਜਾਂਚ ਤੋਂ ਬਾਅਦ 21 ਦਸੰਬਰ ਨੂੰ ਗ੍ਰਿਫ਼ਤਾਰ ਕੀਤਾ ਗਿਆ। ਉਸ ’ਤੇ ਜਨਤਕ ਸਥਾਨ ’ਤੇ ਅਸ਼ਲੀਲ ਹਰਕਤ ਕਰਨ ਅਤੇ ਮਨਾਹੀ ਦੇ ਹੁਕਮ ਦਾ ਪਾਲਣ ਨਾ ਕਰਨ ਦਾ ਚਾਰਜਿਜ਼ ਲਗਾਇਆ ਗਿਆ ਹੈ। ਮੁਲਜ਼ਮ ਨੂੰ ਓਂਟਾਰੀਓ ਕੋਰਟ ਆਫ ਜਸਟਿਸ ਵਿੱਚ ਜ਼ਮਾਨਤ ਦੀ ਸੁਣਵਾਈ ਲਈ ਰੱਖਿਆ ਗਿਆ ਹੈ।



# ਅਸੀਂ ਹਮਾਸ ਦੇ ਮੁਖੀ ਹਨਿਯੇਹ ਨੂੰ ਮਾਰਿਆ : ਇਜ਼ਰਾਈਲ



ਤਲਅਵੀਵ, 24 ਦਸੰਬਰ (ਪੋਸਟ ਬਿਊਰੋ): ਇਜ਼ਰਾਈਲ ਨੇ ਪਹਿਲੀ ਵਾਰ ਮੰਨਿਆ ਹੈ ਕਿ ਉਸ ਨੇ ਹਮਾਸ ਦੇ ਸਾਬਕਾ ਮੁਖੀ ਇਸਮਾਈਲ ਹਾਨਿਯੇਹ ਦਾ ਕਤਲ ਕੀਤਾ ਸੀ। ਇਜ਼ਰਾਈਲ ਦੇ ਰੱਖਿਆ ਮੰਤਰੀ ਕੈਟਜ਼ ਨੇ ਸੋਮਵਾਰ ਨੂੰ ਇਕ ਬਿਆਨ ਦੌਰਾਨ ਇਸ ਦੀ ਪੁਸ਼ਟੀ ਕੀਤੀ। ਹੂਤੀ ਵਿਦਰੋਹੀਆਂ ਦੇ ਹਮਲਿਆਂ ਦੇ ਸਬੰਧ ਵਿੱਚ ਇੱਕ ਬਿਆਨ ਵਿੱਚ ਰੱਖਿਆ ਮੰਤਰੀ ਇਜ਼ਰਾਈਲ ਕਾਟਜ਼ ਨੇ ਕਿਹਾ ਕਿ ਜਿਸ ਤਰ੍ਹਾਂ ਅਸੀਂ ਹਨਿਯੇਹ ਅਤੇ ਸਿਨਵਾਰ ਨੂੰ ਮਾਰਿਆ ਹੈ, ਅਸੀਂ ਹੂਤੀਆਂ ਨੂੰ ਵੀ ਮਾਰਾਂਗੇ।

ਹਾਨਿਯੇਹ ਦਾ ਇਸ ਸਾਲ 31 ਜੁਲਾਈ ਨੂੰ ਈਰਾਨ ਦੀ ਰਾਜਧਾਨੀ ਤਹਿਰਾਨ ਵਿੱਚ ਕਤਲ ਕਰ ਦਿੱਤਾ ਗਿਆ ਸੀ। ਉਹ ਈਰਾਨ ਦੇ ਰਾਸ਼ਟਰਪਤੀ ਮਸੂਦ ਪਜ਼ਾਕੀਅਨ ਦੇ ਸਹੁੰ ਚੁੱਕ ਸਮਾਗਮ ਵਿੱਚ ਸ਼ਾਮਿਲ ਹੋਣ ਲਈ ਤਹਿਰਾਨ ਪਹੁੰਚੇ ਸਨ।

ਈਰਾਨ ਨੇ ਕਿਹਾ ਸੀ ਕਿ ਹਾਨਿਯੇਹ ਮਿਜ਼ਾਈਲ ਹਮਲੇ ਵਿਚ ਮਾਰਿਆ ਗਿਆ ਹੈ। ਹਾਲਾਂਕਿ, ਕਈ ਮੀਡੀਆ ਰਿਪੋਰਟਾਂ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਹਾਨਿਯੇਹ ਇੱਕ ਬੰਬ ਧਮਾਕੇ ਵਿੱਚ ਮਾਰਿਆ ਗਿਆ ਸੀ। ਹਾਨੀਯੇਹ ਦਾ ਅੰਤਿਮ ਸੰਸਕਾਰ 2 ਅਗਸਤ ਨੂੰ ਕਤਰ ਦੀ ਰਾਜਧਾਨੀ ਦੋਹਾ ਵਿੱਚ ਹੋਇਆ।

ਨਿਊਯਾਰਕ ਟਾਈਮਜ਼ ਨੇ ਆਪਣੀ ਰਿਪੋਰਟ 'ਚ ਦਾਅਵਾ ਕੀਤਾ ਸੀ ਕਿ ਇਜ਼ਰਾਈਲ ਨੇ ਹਾਨਿਯੇਹ ਦੀ ਮੌਤ ਤੋਂ ਕਰੀਬ ਦੋ ਮਹੀਨੇ ਪਹਿਲਾਂ ਹੱਤਿਆ ਕਰਨ ਦੀ ਯੋਜਨਾ ਬਣਾਈ ਸੀ। ਅਮਰੀਕੀ ਮੀਡੀਆ ਹਾਊਸ ਨਿਊਯਾਰਕ ਟਾਈਮਜ਼ ਨੇ 2 ਈਰਾਨੀਆਂ ਸਮੇਤ ਮੱਧ ਪੂਰਬ ਦੇ 7 ਅਧਿਕਾਰੀਆਂ ਦੇ ਹਵਾਲੇ ਨਾਲ ਇਹ ਜਾਣਕਾਰੀ ਦਿੱਤੀ ਹੈ।

ਰਿਪੋਰਟਾਂ ਮੁਤਾਬਕ ਹਾਨੀਯੇਹ ਦੀ ਮੌਤ ਬੰਬ ਧਮਾਕੇ 'ਚ ਹੋਈ ਹੈ। ਉਸ ਨੂੰ ਮਾਰਨ ਵਾਲਾ ਬੰਬ ਦੋ ਮਹੀਨੇ ਪਹਿਲਾਂ ਛੁਪਾਇਆ ਗਿਆ ਸੀ ਅਤੇ ਤਹਿਰਾਨ ਦੇ ਗੈਸਟ ਹਾਊਸ ਵਿੱਚ ਲਾਇਆ ਗਿਆ ਸੀ ਜਿੱਥੇ ਹਾਨਿਯੇਹ ਰਹਿ ਰਿਹਾ ਸੀ। ਜਿਵੇਂ ਹੀ ਹਾਨਿਯੇਹ ਦੇ ਉੱਥੇ ਪਹੁੰਚਣ ਦੀ ਪੁਸ਼ਟੀ ਹੋਈ, ਕੁਝ ਬਾਹਰੀ ਖੇਤਰ ਤੋਂ ਰਿਮੋਟ ਰਾਹੀਂ ਵਿਸਫੋਟ ਕੀਤਾ ਗਿਆ।

# ਚੀਨ ਅਗਲੇ ਦੋ ਸਾਲਾਂ ’ਚ ਪਾਕਿਸਤਾਨ ਨੂੰ 40 ਜੇ-35 ਲੜਾਕੂ ਜਹਾਜ਼ ਵੇਚੇਗਾ



ਬੀਜਿੰਗ, 24 ਦਸੰਬਰ (ਪੋਸਟ ਬਿਊਰੋ): ਪਾਕਿਸਤਾਨ ਚੀਨ ਤੋਂ 40 ਜੇ-35ਏ ਲੜਾਕੂ ਜਹਾਜ਼ ਖਰੀਦਣ ਦੀ ਤਿਆਰੀ ਕਰ ਰਿਹਾ ਹੈ। ਮੀਡੀਆ ਰਿਪੋਰਟਾਂ 'ਚ ਇਹ ਦਾਅਵਾ ਕੀਤਾ ਗਿਆ ਹੈ। ਰਿਪੋਰਟਾਂ ਮੁਤਾਬਕ ਚੀਨ ਇਨ੍ਹਾਂ ਲੜਾਕੂ ਜਹਾਜ਼ਾਂ ਨੂੰ ਦੋ ਸਾਲਾਂ 'ਚ ਪਾਕਿਸਤਾਨ ਨੂੰ ਸੌਂਪ ਦੇਵੇਗਾ। ਇਸ ਨਾਲ ਸਬੰਧਤ ਕੀਮਤਾਂ ਦਾ ਹਾਲੇ ਖੁਲਾਸਾ ਨਹੀਂ ਕੀਤਾ ਗਿਆ ਹੈ।

ਜੇ-35ਏ ਪੰਜਵੀਂ ਪੀੜ੍ਹੀ ਦਾ ਸਭ ਤੋਂ ਆਧੁਨਿਕ ਤਕਨੀਕ ਵਾਲਾ ਲੜਾਕੂ ਜਹਾਜ਼ ਹੈ। ਜੇਕਰ ਪਾਕਿਸਤਾਨ ਨੂੰ ਇਹ ਮਿਲਦਾ ਹੈ ਤਾਂ ਇਹ ਚੀਨ ਤੋਂ ਹਾਸਿਲ ਕਰਨ ਵਾਲਾ ਪਹਿਲਾ ਦੇਸ਼ ਹੋਵੇਗਾ। ਪਾਕਿਸਤਾਨ ਜੇ-35ਏ ਨੂੰ ਅਮਰੀਕੀ ਐੱਫ-16 ਅਤੇ ਫ੍ਰੈਂਚ ਮਿਰਾਜ ਦੀ ਥਾਂ ਲੈਣ ਲਈ ਤਾਇਨਾਤ ਕਰੇਗਾ। ਪੱਛਮੀ ਦੇਸ਼ਾਂ ਦੇ ਇਹ ਜਹਾਜ਼ ਹੁਣ ਪੁਰਾਣੇ ਹੋ ਚੁੱਕੇ ਹਨ।

ਸਿਰਫ ਦੋ ਸਾਲ ਪਹਿਲਾਂ, ਕਈ ਚੀਨੀ ਜੇ-10ਸੀਈ ਮਲਟੀ-ਰੋਲ ਲੜਾਕੂ ਜਹਾਜ਼ ਪਾਕਿਸਤਾਨੀ ਹਵਾਈ ਸੈਨਾ ਵਿੱਚ ਸ਼ਾਮਿਲ ਹੋਏ ਸਨ। ਜੇ-35ਏ ਸਟੀਲਥ ਲੜਾਕੂ ਜਹਾਜ਼ ਮਿਲਣ ਤੋਂ ਬਾਅਦ ਪਾਕਿਸਤਾਨੀ ਹਵਾਈ ਸੈਨਾ ਦੀ ਤਾਕਤ ਹੋਰ ਵਧ ਜਾਵੇਗੀ। ਭਾਰਤ ਕੋਲ ਪੰਜਵੀਂ ਪੀੜ੍ਹੀ ਦੇ ਲੜਾਕੂ ਜਹਾਜ਼ ਨਹੀਂ ਹਨ।

# ਅਮਰੀਕਾ ’ਚ ਸਮਲਿੰਗੀ ਜੋੜੇ ਨੂੰ 100 ਸਾਲ ਦੀ ਕੈਦ, ਗੋਦ ਲਏ ਬੱਚਿਆਂ ਦਾ 2 ਸਾਲ ਤੱਕ ਕੀਤਾ ਜਿਨਸੀ ਸ਼ੋਸ਼ਣ




ਵਾਸ਼ਿੰਗਟਨ, 24 ਦਸੰਬਰ (ਪੋਸਟ ਬਿਊਰੋ): ਅਮਰੀਕਾ ਦੇ ਜਾਰਜੀਆ ਸੂਬੇ ਵਿੱਚ ਇੱਕ ਸਮਲਿੰਗੀ ਜੋੜੇ ਨੂੰ ਦੋ ਸਾਲਾਂ ਤੱਕ ਆਪਣੇ ਗੋਦ ਲਏ ਬੱਚਿਆਂ ਦਾ ਜਿਨਸੀ ਸ਼ੋਸ਼ਣ ਕਰਨ ਦੇ ਦੋਸ਼ ਵਿੱਚ 100 ਸਾਲ ਦੀ ਸਜ਼ਾ ਸੁਣਾਈ ਗਈ ਹੈ। ਪਿਛਲੇ ਹਫ਼ਤੇ ਸੁਣਾਈ ਸਜ਼ਾ ਵਿੱਚ ਇਨ੍ਹਾਂ ਦੋਵਾਂ ਮੁਲਜ਼ਮਾਂ ਨੂੰ ਪੈਰੋਲ ਮਿਲਣ ਦੀ ਵਿਵਸਥਾ ਵੀ ਖ਼ਤਮ ਕਰ ਦਿੱਤੀ ਗਈ ਸੀ। ਦੋਸ਼ੀ ਨੇ ਕਈ ਸਾਲ ਪਹਿਲਾਂ ਈਸਾਈ ਵਿਸ਼ੇਸ਼ ਲੋੜਾਂ ਵਾਲੀ ਏਜੰਸੀ ਤੋਂ ਦੋ ਬੱਚੇ ਗੋਦ ਲਏ ਸਨ, ਜਿਨ੍ਹਾਂ ਦੀ ਉਮਰ ਹੁਣ 12 ਅਤੇ 10 ਸਾਲ ਹੈ।

ਨਿਊਯਾਰਕ ਪੋਸਟ ਮੁਤਾਬਕ ਜ਼ਿਲ੍ਹਾ ਅਟਾਰਨੀ ਰੈਂਡੀ ਮੈਕਗਿੰਲੇ ਨੇ ਕਿਹਾ ਕਿ ਦੋਨਾਂ ਮੁਲਜ਼ਮਾਂ ਵਿਲੀਅਮ ਜ਼ੁਲੋਕ (34) ਅਤੇ ਜ਼ੈਕਰੀ ਜ਼ੁਲੋਕ (36) ਦਾ ਘਰ ਬੱਚਿਆਂ ਲਈ ਡਰ ਦਾ ਘਰ ਸੀ।

ਇਨ੍ਹਾਂ ਲੋਕਾਂ ਨੇ ਆਪਣੇ ਦੋਸਤਾਂ ਨਾਲ ਬੱਚਿਆਂ ਦੇ ਜਿਨਸੀ ਸ਼ੋਸ਼ਣ ਦੀਆਂ ਤਸਵੀਰਾਂ ਅਤੇ ਵੀਡੀਓਜ਼ ਵੀ ਸ਼ੇਅਰ ਕੀਤੀਆਂ ਸਨ। ਦੋਸ਼ੀਆਂ ਨੇ ਆਪਣੇ 'ਤੇ ਲਗਾਏ ਗਏ ਸਾਰੇ ਦੋਸ਼ ਕਬੂਲ ਕਰ ਲਏ ਹਨ।

ਮੀਡੀਆ ਰਿਪੋਰਟਾਂ ਮੁਤਾਬਕ ਦੋਸ਼ੀ ਹਰ ਰੋਜ਼ ਬੱਚਿਆਂ ਨੂੰ ਸਰੀਰਕ ਸਬੰਧ ਬਣਾਉਣ ਲਈ ਮਜ਼ਬੂਰ ਕਰਦੇ ਸਨ। ਉਨ੍ਹਾਂ ਨੇ ਬੱਚਿਆਂ ਨੂੰ ਦੋ ਹੋਰ ਵਿਅਕਤੀਆਂ ਨਾਲ ਸਬੰਧ ਬਣਾਉਣ ਲਈ ਵੀ ਮਜ਼ਬੂਰ ਕੀਤਾ। ਉਹ ਇਸ ਦੀ ਵੀਡੀਓ ਬਣਾ ਕੇ ਅਸ਼ਲੀਲ ਰੈਕੇਟ ਚਲਾਉਣ ਵਾਲੇ ਗਿਰੋਹ ਨੂੰ ਵੇਚਦੇ ਸਨ।

ਇਹ ਮਾਮਲਾ ਦੋ ਸਾਲ ਪਹਿਲਾਂ ਉਦੋਂ ਸਾਹਮਣੇ ਆਇਆ ਸੀ ਜਦੋਂ ਪੁਲਿਸ ਨੇ 2022 ਵਿੱਚ ਇਨ੍ਹਾਂ ਬੱਚਿਆਂ ਦੀਆਂ ਵੀਡੀਓ ਡਾਊਨਲੋਡ ਕਰਦੇ ਹੋਏ ਅਸ਼ਲੀਲ ਰੈਕੇਟ ਚਲਾ ਰਹੇ ਇੱਕ ਵਿਅਕਤੀ ਨੂੰ ਫੜ੍ਹਿਆ ਸੀ। ਇਸ ਤੋਂ ਬਾਅਦ ਉਸ ਨੇ ਪੁਲਿਸ ਨੂੰ ਦੱਸਿਆ ਕਿ ਕਿਸ ਤਰ੍ਹਾਂ ਇਹ ਦੋਵੇਂ ਦੋਸ਼ੀ ਉਨ੍ਹਾਂ ਦੇ ਘਰ 'ਚ ਰਹਿੰਦੇ ਬੱਚਿਆਂ ਦੀਆਂ ਅਸ਼ਲੀਲ ਵੀਡੀਓ ਬਣਾ ਕੇ ਵੇਚ ਰਹੇ ਸਨ। ਇਸ ਤੋਂ ਬਾਅਦ ਉਨ੍ਹਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ।

# ਡੈਨਮਾਰਕ ਦੇ ਗ੍ਰੀਨਲੈਂਡ ’ਤੇ ਕੰਟਰੋਲ ਕਰਨਾ ਚਾਹੁੰਦੇ ਹਨ ਟਰੰਪ

## ਕਿਹਾ- ਰਾਸ਼ਟਰੀ ਸੁਰੱਖਿਆ ਲਈ ਜ਼ਰੂਰੀ



ਵਾਸ਼ਿੰਗਟਨ, 24 ਦਸੰਬਰ (ਪੋਸਟ ਬਿਊਰੋ): ਅਮਰੀਕਾ ਦੇ ਨਵੇਂ ਚੁਣੇ ਗਏ ਰਾਸ਼ਟਰਪਤੀ ਡੋਨਾਲਡ ਟਰੰਪ ਆਪਣੇ ਸਹੁੰ ਚੁੱਕ ਸਮਾਗਮ ਤੋਂ ਪਹਿਲਾਂ ਲਗਾਤਾਰ ਅਜਿਹੇ ਬਿਆਨ ਦੇ ਰਹੇ ਹਨ ਜੋ ਉਨ੍ਹਾਂ ਦੇ ਸਹਿਯੋਗੀਆਂ ਅਤੇ ਗੁਆਂਢੀ ਦੇਸ਼ਾਂ ਨੂੰ ਪ੍ਰੇਸ਼ਾਨ ਕਰਦੇ ਹਨ। ਐੱਨਵਾਈਟੀ ਅਨੁਸਾਰ, ਟਰੰਪ ਨੇ ਸੋਮਵਾਰ ਨੂੰ ਗ੍ਰੀਨਲੈਂਡ ਨੂੰ ਅਮਰੀਕੀ ਕੰਟਰੋਲ ਵਿੱਚ ਲੈਣ ਦੀ ਗੱਲ ਕੀਤੀ। ਟਰੰਪ ਨੇ ਸੋਸ਼ਲ ਮੀਡੀਆ 'ਤੇ ਲਿਖਿਆ ਕਿ ਅਮਰੀਕਾ ਨੂੰ ਲੱਗਦਾ ਹੈ ਕਿ ਗ੍ਰੀਨਲੈਂਡ 'ਤੇ ਸਾਡਾ ਕੰਟਰੋਲ ਪੂਰੀ ਦੁਨੀਆ 'ਚ ਰਾਸ਼ਟਰੀ ਸੁਰੱਖਿਆ ਅਤੇ ਆਜ਼ਾਦੀ ਲਈ ਬਹੁਤ ਜ਼ਰੂਰੀ ਹੈ।

ਤੁਹਾਨੂੰ ਦੱਸ ਦੇਈਏ ਕਿ ਗ੍ਰੀਨਲੈਂਡ ਉੱਤਰੀ ਅਟਲਾਂਟਿਕ ਮਹਾਂਸਾਗਰ ਵਿੱਚ ਸਥਿਤ ਇੱਕ ਟਾਪੂ ਹੈ। ਇਹ ਡੈਨਮਾਰਕ ਦੇ ਕੰਟਰੋਲ ਅਧੀਨ ਇੱਕ ਖੁਦਮੁਖਤਿਆਰ ਖੇਤਰ ਹੈ। ਜਿਸ ਦਾ ਆਪਣਾ ਪ੍ਰਧਾਨ ਮੰਤਰੀ ਹੈ। ਗ੍ਰੀਨਲੈਂਡ ਦੇ ਪ੍ਰਧਾਨ ਮੰਤਰੀ ਮਿਊਟ ਏਗੇਡੇ ਨੇ ਟਰੰਪ ਨੂੰ ਜਵਾਬ ਦਿੰਦੇ ਹੋਏ ਕਿਹਾ ਕਿ ਗ੍ਰੀਨਲੈਂਡ ਸਾਡਾ ਹੈ। ਅਸੀਂ ਵਿਕਾਊ ਨਹੀਂ ਹਾਂ ਅਤੇ ਕਦੇ ਵੀ ਵਿਕਾਊ ਨਹੀਂ ਹੋਵਾਂਗੇ। ਸਾਨੂੰ ਆਜ਼ਾਦੀ ਲਈ ਆਪਣੇ ਲੰਬੇ ਸੰਘਰਸ਼ ਨੂੰ ਨਹੀਂ ਗੁਆਉਣਾ ਚਾਹੀਦਾ।

ਹਾਲੇ ਤੱਕ ਡੈਨਮਾਰਕ ਦੇ ਵਿਦੇਸ਼ ਮੰਤਰਾਲੇ ਜਾਂ ਪ੍ਰਧਾਨ ਮੰਤਰੀ ਦਫਤਰ ਨੇ ਇਸ 'ਤੇ ਕੋਈ ਬਿਆਨ ਨਹੀਂ ਦਿੱਤਾ ਹੈ। ਟਰੰਪ ਨੇ ਇਸ ਤੋਂ ਪਹਿਲਾਂ 2019 ਵਿੱਚ ਗ੍ਰੀਨਲੈਂਡ ਨੂੰ ਖਰੀਦਣ ਦਾ ਪ੍ਰਸਤਾਵ ਵੀ ਰੱਖਿਆ ਸੀ।




# ਅਰਵਿੰਦ ਕੇਜਰੀਵਾਲ ਦਾ ਵੱਡਾ ਐਲਾਨ: ਦਿੱਲੀ ’ਚ ਦੇਵਾਂਗੇ 24 ਘੰਟੇ ਸਾਫ਼ ਪਾਣੀ

ਨਵੀਂ ਦਿੱਲੀ, 24 ਦਸੰਬਰ (ਪੋਸਟ ਬਿਊਰੋ): ਦਿੱਲੀ ’ਚ ਅਗਾਮੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦਿੱਲੀ ਵਾਸੀਆਂ ਲਈ ਲਗਾਤਾਰ ਚੋਣ ਐਲਾਨ ਕਰ ਰਹੇ ਹਨ। ਅਰਵਿੰਦ ਕੇਜਰੀਵਾਲ ਨੇ ਇੱਕ ਹੋਰ ਚੋਣ ਵਾਅਦਾ ਕੀਤਾ ਹੈ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਅਸੀਂ ਦਿੱਲੀ ’ਚ 24 ਘੰਟੇ ਸਾਫ਼ ਪਾਣੀ ਮੁਹੱਈਆ ਕਰਵਾਵਾਂਗੇ। ਉਨ੍ਹਾਂ ਕਿਹਾ ਕਿ ਪਲਾਂਟ ਲਗਾ ਕੇ ਅਮੋਨੀਆ ਨੂੰ ਦੂਰ ਕੀਤਾ ਜਾਵੇਗਾ। ਉੱਥੇ ਢਾਈ ਹਜ਼ਾਰ ਟਿਊਬਵੈੱਲ ਲਗਾਏ ਜਾਣਗੇ।

ਇਸਦੇ ਨਾਲ ਹੀ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਰਾਜਿੰਦਰ ਨਗਰ ਵਿਧਾਨ ਸਭਾ ਦੀ ਇੱਕ ਕਲੋਨੀ ’ਚ ਅੱਜ ਤੋਂ 24 ਘੰਟੇ ਪਾਣੀ ਦੀ ਸਪਲਾਈ ਸ਼ੁਰੂ ਹੋ ਰਹੀ ਹੈ। ਇਸ ਨੂੰ ਛੇਤੀ ਹੀ ਪੂਰੀ ਦਿੱਲੀ ’ਚ ਸ਼ੁਰੂ ਕੀਤਾ ਜਾਵੇਗਾ। ਇਸ ਤੋਂ ਪਹਿਲਾਂ ਵੀ ਕੇਜਰੀਵਾਲ ਤਿੰਨ ਵੱਡੇ ਐਲਾਨ ਕਰ ਚੁੱਕੇ ਹਨ।

ਬੂਸਟਰ ਪੰਪਿੰਗ ਸਟੇਸ਼ਨ ਦੇ ਉਦਘਾਟਨ ਤੋਂ ਬਾਅਦ ਅਰਵਿੰਦ ਕੇਜਰੀਵਾਲ ਅਤੇ ਦਿੱਲੀ ਦੇ ਮੁੱਖ ਮੰਤਰੀ ਆਤਿਸ਼ੀ ਰਾਜੇਂਦਰ ਨਗਰ ਦੇ ਪਾਂਡਵ ਨਗਰ ਸਥਿਤ ਡੀਡੀਏ ਫਲੈਟਸ ਦੀ ਸਥਾਨਕ ਰਿਹਾਇਸ਼ ’ਤੇ ਪਹੁੰਚੇ। ਜਿੱਥੇ ਪਾਣੀ ਦੀ ਗੁਣਵੱਤਾ ਜਾਂਚਣ ਲਈ ਅਰਵਿੰਦ ਕੇਜਰੀਵਾਲ ਨੇ ਟੂਟੀ ਤੋਂ ਸਿੱਧਾ ਪਾਣੀ ਪੀਤਾ ਅਤੇ ਕਿਹਾ ਕਿ ਇਹ ਪਾਣੀ ਸਾਫ਼ ਹੈ।

ਹਾਲ ਹੀ ’ਚ ਅਰਵਿੰਦ ਕੇਜਰੀਵਾਲ ਨੇ ਦਿੱਲੀ ’ਚ ਮਹਿਲਾ ਸਨਮਾਨ ਯੋਜਨਾ ਅਤੇ ਸੰਜੀਵਨੀ ਯੋਜਨਾ ਲਈ ਰਜਿਸਟ੍ਰੇਸ਼ਨ ਸ਼ੁਰੂ ਕੀਤੀ। ਮੁੱਖ ਮੰਤਰੀ ਆਤਿਸ਼ੀ ਅਤੇ ‘ਆਪ’ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਸੋਮਵਾਰ ਨੂੰ ਈਸਟ ਕਿਦਵਈ ਨਗਰ ਤੋਂ ਮਹਿਲਾ ਸਨਮਾਨ ਰਾਸ਼ੀ ਯੋਜਨਾ ਲਈ ਰਜਿਸਟ੍ਰੇਸ਼ਨ ਸ਼ੁਰੂ ਕੀਤੀ। ਇਸ ਸਕੀਮ ਤਹਿਤ ਔਰਤਾਂ ਨੂੰ 2100 ਰੁਪਏ ਪ੍ਰਤੀ ਮਹੀਨਾ ਦਿੱਤੇ ਜਾਣਗੇ। ਇਸੇ ਤਰ੍ਹਾਂ 60 ਸਾਲ ਤੋਂ ਵੱਧ ਉਮਰ ਦੇ ਬਜ਼ੁਰਗਾਂ ਦੇ ਮੁਫ਼ਤ ਇਲਾਜ ਲਈ ਸੰਜੀਵਨੀ ਯੋਜਨਾ ਲਈ ਰਜਿਸਟ੍ਰੇਸ਼ਨ ਵੀ ਜੰਗਪੁਰਾ ਤੋਂ ਸ਼ੁਰੂ ਹੋਈ।










Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net












# ਐਕਟਰ ਅੱਲੂ ਅਰਜੁਨ ਤੋਂ ਪੁਲਿਸ ਨੇ ਕਰੀਬ ਤਿੰਨ ਘੰਟੇ ਕੀਤੀ ਪੁੱਛਗਿੱਛ

ਹੈਦਰਾਬਾਦ, 24 ਦਸੰਬਰ (ਪੋਸਟ ਬਿਊਰੋ): ਪੁਸ਼ਪਾ-2 ਦੇ ਪ੍ਰੀਮੀਅਰ ਦੌਰਾਨ ਭਗਦੜ ਮਾਮਲੇ 'ਚ ਪੁਲਸ ਨੇ ਮੰਗਲਵਾਰ ਨੂੰ ਅੱਲੂ ਅਰਜੁਨ ਤੋਂ 3 ਘੰਟੇ ਤੋਂ ਜ਼ਿਆਦਾ ਪੁੱਛਗਿੱਛ ਕੀਤੀ। ਹੈਦਰਾਬਾਦ ਸੈਂਟਰਲ ਜ਼ੋਨ ਦੇ ਡੀਸੀਪੀ ਦੀ ਅਗਵਾਈ ਵਾਲੀ ਟੀਮ ਨੇ ਅਦਾਕਾਰ ਤੋਂ ਪੁੱਛਗਿੱਛ ਕੀਤੀ।



ਸੰਧਿਆ ਥਿਏਟਰ ਭਗਦੜ ਮਾਮਲੇ ਵਿਚ ਤੇਲਗੂ ਅਦਾਕਾਰ ਅੱਲੂ ਅਰਜੁਨ ਤੋਂ ਮੰਗਲਵਾਰ ਨੂੰ ਚਿੱਕੜਪੱਲੀ ਥਾਣਾ ਪੁਲਿਸ ਨੇ ਤਿੰਨ ਘੰਟੇ ਤੋਂ ਵੱਧ ਸਮੇਂ ਤੱਕ ਪੁੱਛਗਿੱਛ ਕੀਤੀ।

ਇਸ ਦੌਰਾਨ ਸੈਂਟਰਲ ਜ਼ੋਨ ਦੇ ਡੀਸੀਪੀ ਅਕਸ਼ਾਂਸ਼ ਯਾਦਵ ਦੀ ਅਗਵਾਈ ਵਾਲੀ ਪੁਲਿਸ ਟੀਮ ਨੇ ਅਦਾਕਾਰ ਤੋਂ ਪੁੱਛਗਿੱਛ ਕੀਤੀ। ਚਿੱਕੜਪੱਲੀ ਪੁਲੀਸ ਸਟੇਸ਼ਨ 'ਚ ਸੁਰੱਖਿਆ ਦੇ ਸਖ਼ਤ ਇੰਤਜ਼ਾਮ ਕੀਤੇ ਗਏ ਸਨ ਅਤੇ ਭਾਰੀ ਪੁਲਿਸ ਫੋਰਸ ਤਾਇਨਾਤ ਕੀਤੀ ਗਈ ਸੀ। ਇਸ ਤੋਂ ਇਲਾਵਾ ਥਾਣੇ ਨੂੰ ਜਾਣ ਵਾਲੀਆਂ ਸੜਕਾਂ 'ਤੇ ਆਵਾਜਾਈ 'ਤੇ ਵੀ ਪਾਬੰਦੀ ਲਗਾ ਦਿੱਤੀ ਸੀ। ਅਦਾਕਾਰ ਨੂੰ 23 ਦਸੰਬਰ ਨੂੰ ਸਵੇਰੇ 11 ਵਜੇ ਪੁਲਿਸ ਸਾਹਮਣੇ ਪੇਸ਼ ਹੋਣ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

ਜਾਣਕਾਰੀ ਅਨੁਸਾਰ ਸਵੇਰੇ ਕਰੀਬ 11 ਵਜੇ ਅੱਲੂ ਅਰਜੁਨ ਆਪਣੇ ਪਿਤਾ ਅਤੇ ਵਕੀਲਾਂ ਦੇ ਨਾਲ ਪੇਸ਼ ਹੋਣ ਲਈ ਆਏ ਅਤੇ ਪੁੱਛਗਿੱਛ ਦੁਪਹਿਰ 2:45 ਵਜੇ ਤੱਕ ਚੱਲੀ।

ਪੁਲਿਸ ਨੇ ਅੱਲੂ ਅਰਜੁਨ ਦੀ ਪੇਸ਼ੀ ਲਈ ਆਪਣੇ ਨੋਟਿਸ ਵਿੱਚ ਕਿਹਾ ਕਿ ਭਗਦੜ ਵਾਲੀ ਘਟਨਾ ਬਾਰੇ ਜਵਾਬ ਲੈਣ ਲਈ ਅਤੇ ਤੱਥਾਂ ਦਾ ਪਤਾ ਲਗਾਉਣ ਲਈ ਜੇ ਜ਼ਰੂਰੀ ਹੋਏ ਤਾਂ ਘਟਨਾ ਵਾਲੀ ਥਾਂ ਦਾ ਦੌਰਾ ਕਰਨ ਲਈ ਚਿੱਕੜਪੱਲੀ ਥਾਣੇ ਦੇ ਐੱਸਐੱਚਓ ਸਾਹਮਣੇ ਉਨ੍ਹਾਂਦੀ ਮੌਜੂਦਗੀ ਜ਼ਰੂਰੀ ਹੈ।

## ਬਰੇਲੀ ਦੀ ਅਦਾਲਤ ਨੇ 'ਜੈ ਫ਼ਲਸਤੀਨ' ਬੋਲਣ ਦੇ ਮਾਮਲੇ 'ਚ ਓਵਾਇਸੀ ਨੂੰ ਕੀਤਾ ਤਲਬ

ਬਰੇਲੀ, 24 ਦਸੰਬਰ (ਪੋਸਟ ਬਿਊਰੋ): ਬਰੇਲੀ ਦੀ ਜ਼ਿਲ੍ਹਾ ਅਦਾਲਤ ਦੇ ਜੱਜ ਨੇ ਸੰਸਦ ਵਿਚ 'ਜੈ ਫ਼ਲਸਤੀਨ' ਬੋਲਣ ਦੇ ਮਾਮਲੇ ਵਿਚ ਆਲ ਇੰਡੀਆ ਮਜਲਿਸ ਏ ਇਤੇ-ਹਾਦੁਲ ਮੁਸਲਮੀਨ ਦੇ ਕੌਮੀ ਪ੍ਰਧਾਨ ਅਸਦੁਦੀਨ ਓਵਾਇਸੀ ਨੂੰ ਨੋਟਿਸ ਜਾਰੀ ਕਰਕੇ ਤਲਬ ਕੀਤਾ ਹੈ। ਇਕ ਬੁਲਾਰੇ ਨੇ ਮੰਗਲਵਾਰ ਨੂੰ ਇਹ ਜਾਣਕਾਰੀ ਦਿੱਤੀ।

ਉਨ੍ਹਾਂ ਦੱਸਿਆ ਕਿ ਅਦਾਲਤ ਨੇ ਇਸ ਮਾਮਲੇ ਸਬੰਧੀ 7 ਜਨਵਰੀ ਨੂੰ ਸੁਣਵਾਈ ਤੈਅ ਕੀਤੀ ਹੈ। ਸੰਸਦ ਵਿਚ 'ਜੈ ਫ਼ਲਸਤੀਨ' ਬੋਲਣ ਦੇ ਮਾਮਲੇ ਵਿਚ ਓਵਾਇਸੀ ਖਿਲਾਫ਼ ਐਡਵੋਕੇਟ ਵਰਿੰਦਰ ਗੁਪਤਾ ਨੇ ਇਕ ਮੁਕੱਦਮਾ ਦਾਇਰ ਕੀਤਾ ਹੈ, ਜਿਸ ਵਿਚ ਉਨ੍ਹਾਂ 'ਤੇ ਸੰਵਿਧਾਨਕ ਅਤੇ ਕਾਨੂੰਨੀ ਸਿਧਾਂਤਾਂ ਦੀ ਉਲੰਘਣਾ ਕਰਨ ਦਾ ਦੋਸ਼ ਲਗਾਇਆ ਗਿਆ ਹੈ।



ਐਡਵੋਕੇਟ ਵਰਿੰਦਰ ਗੁਪਤਾ ਨੇ ਦੱਸਿਆ ਕਿ ਉਨ੍ਹਾਂ ਸਾਂਸਦ-ਵਿਧਾਇਕਾਂ ਦੀ ਵਿਚ ਅਸਦੁਦੀਨ ਓਵਾਇਸੀ ਖਿਲਾਫ਼ ਪਟੀਸ਼ਨ ਦਾਇਰ ਕੀਤੀ ਗਈ ਸੀ, ਜਿਸ ਨੂੰ ਖਾਰਜ ਕਰ ਦਿੱਤਾ ਗਿਆ। ਇਸ ਤੋਂ ਬਾਅਦ ਉਨ੍ਹਾਂ ਨੇ ਜ਼ਿਲ੍ਹਾ ਜੱਜ ਦੀ ਅਦਾਲਤ ਵਿੱਚ ਰਿਵੀਜ਼ਨ ਪਟੀਸ਼ਨ ਦਾਇਰ ਕੀਤੀ।

## ਦਿਲਜੀਤ ਦੁਸਾਂਝ ਦਾ 31 ਦਸੰਬਰ ਦੀ ਰਾਤ ਲੁਧਿਆਣਾ 'ਚ ਹੋਵੇਗਾ ਲਾਈਵ ਕੰਸਰਟ

### ਪੀਏਯੂ 'ਚ ਪੈਣਗੀਆਂ ਧਮਾਲਾਂ, ਆਨਲਾਈਨ ਟਿਕਟ ਬੁਕਿੰਗ ਸ਼ੁਰੂ

ਲੁਧਿਆਣਾ, 24 ਦਸੰਬਰ (ਪੋਸਟ ਬਿਊਰੋ): ਪੰਜਾਬ ਦੇ ਗਾਇਕ ਅਤੇ ਕਲਾਕਾਰ ਦਿਲਜੀਤ ਦੋਸਾਂਝ ਨਵੇਂ ਸਾਲ 2025 ਦਾ ਜਸ਼ਨ ਮਨਾਉਣ ਲਈ ਲੁਧਿਆਣਾ ਪਹੁੰਚ ਰਹੇ ਹਨ। ਦਿਲਜੀਤ ਦੋਸਾਂਝ ਦਾ ਲਾਈਵ ਕੰਸਰਟ 31 ਦਸੰਬਰ ਨੂੰ ਲੁਧਿਆਣਾ 'ਚ ਹੋਣ ਜਾ ਰਿਹਾ ਹੈ। ਇਸ ਗੱਲ ਦੀ ਜਾਣਕਾਰੀ ਖੁਦ ਦਿਲਜੀਤ ਨੇ ਆਪਣੇ ਸੋਸ਼ਲ ਮੀਡੀਆ ਪਲੇਟਫਾਰਮ 'ਤੇ ਇਕ ਪੋਸਟ ਸ਼ੇਅਰ ਕਰਕੇ ਦਿੱਤੀ ਹੈ। ਜਿਵੇਂ ਹੀ ਦਿਲਜੀਤ ਨੇ ਲੁਧਿਆਣਾ ਵਿੱਚ ਆਪਣੇ ਕੰਸਰਟ ਦਾ ਐਲਾਨ ਕੀਤਾ, ਹਰਿਆਣਾ, ਯੂਪੀ, ਚੰਡੀਗੜ੍ਹ, ਰਾਜਸਥਾਨ ਸਮੇਤ ਪੰਜਾਬ ਵਿੱਚ ਉਨ੍ਹਾਂ ਦੇ ਪ੍ਰਸ਼ੰਸਕਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ।



ਦਿਲਜੀਤ ਦੁਸਾਂਝ ਦੇ ਲੁਧਿਆਣਾ ਕੰਸਰਟ ਦੀ ਆਨਲਾਈਨ ਬੁਕਿੰਗ ਅੱਜ ਤੋਂ ਸ਼ੁਰੂ ਹੋ ਗਈ ਹੈ। ਜਿਵੇਂ ਹੀ ਜ਼ੋਮੈਟੋ ਲਾਈਵ 'ਤੇ ਬੁਕਿੰਗ ਸ਼ੁਰੂ ਹੋਈ, ਉਨ੍ਹਾਂ ਦੇ ਸਮਰਥਕਾਂ ਅਤੇ ਪ੍ਰਸ਼ੰਸਕਾਂ ਨੇ ਟਿਕਟਾਂ ਦੀ ਬੁਕਿੰਗ ਸ਼ੁਰੂ ਕਰ ਦਿੱਤੀ। ਇਸ ਤੋਂ ਪਹਿਲਾਂ 29 ਦਸੰਬਰ ਨੂੰ ਦਿਲਜੀਤ ਦਾ ਕੰਸਰਟ ਗੁਹਾਟੀ 'ਚ ਹੋਵੇਗਾ।

ਦਿਲਜੀਤ ਦੋਸਾਂਝ ਨੇ ਸਾਲ 2024 ਵਿੱਚ ਪੂਰੇ ਭਾਰਤ ਦਾ ਦੌਰਾ ਕੀਤਾ ਅਤੇ ਵੱਖ-ਵੱਖ ਥਾਵਾਂ 'ਤੇ ਸੰਗੀਤ ਸਮਾਰੋਹ ਵੀ ਕੀਤੇ। ਉਨ੍ਹਾਂ ਨੇ ਆਪਣੇ ਟੂਰ ਦਾ ਨਾਂ ਦਿਲ-ਲੁਮੀਨਾਟੀ ਟੂਰ ਰੱਖਿਆ ਹੈ ਅਤੇ ਦਿਲਜੀਤ 31 ਦਸੰਬਰ ਨੂੰ ਲੁਧਿਆਣਾ 'ਚ ਇਸ ਦਿਲ-ਲੁਮੀਨਾਟੀ ਟੂਰ ਦਾ ਆਖਰੀ ਕੰਸਰਟ ਕਰਨ ਜਾ ਰਹੇ ਹਨ।

31 ਦਸੰਬਰ ਨੂੰ ਲੁਧਿਆਣਾ 'ਚ ਦਿਲਜੀਤ ਦਾ ਕੰਸਰਟ ਪੀਏਯੂ 'ਚ ਰਾਤ 8 ਵਜੇ ਤੋਂ ਬਾਅਦ ਸ਼ੁਰੂ ਹੋਵੇਗਾ, ਜੋ 12:30 ਤੱਕ ਜਾਰੀ ਰਹੇਗਾ। ਦਿਲਜੀਤ ਅਤੇ ਉਨ੍ਹਾਂ ਦੇ ਸਮਰਥਕ ਪੂਰੇ ਜੋਸ਼ੋ-ਖਰੋਸ਼ ਨਾਲ ਲੁਧਿਆਣਾ 'ਚ ਨੱਚ-ਗਾ ਕੇ ਨਵੇਂ ਸਾਲ ਦਾ ਜਸ਼ਨ ਮਨਾਉਣ ਜਾ ਰਹੇ ਹਨ।

## ਰਾਹੁਲ ਤੇ ਖੜਗੇ ਨੇ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਦੇ ਚੇਅਰਪਰਸਨ ਦੀ ਚੋਣ 'ਤੇ ਜਤਾਈ ਅਸਹਿਮਤੀ



ਨਵੀਂ ਦਿੱਲੀ, 24 ਦਸੰਬਰ (ਪੋਸਟ ਬਿਊਰੋ): ਕਾਂਗਰਸ ਪ੍ਰਧਾਨ ਮਲਿਕ-ਾਰਜੁਨ ਖੜਗੇ ਅਤੇ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਨੇ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਦੇ ਚੇਅਰਪਰਸਨ ਅਤੇ ਮੈਂਬਰਾਂ ਦੀ ਚੋਣ ਨੂੰ ਲੈ ਕੇ ਅਸਹਿਮਤੀ ਪ੍ਰਗਟਾਈ ਹੈ।

ਦੋਨਾਂ ਆਗੂਆਂ ਦਾ ਕਹਿਣਾ ਹੈ ਕਿ ਚੇਅਰਮੈਨ ਅਤੇ ਮੈਂਬਰਾਂ ਦੀ ਚੋਣ ਦੀ ਪ੍ਰਕਿਰਿਆ ਬੁਨਿਆਦੀ ਤੌਰ 'ਤੇ ਗਲਤ ਸੀ। ਕੇਂਦਰ ਸਰਕਾਰ ਨੇ ਸੁਪਰੀਮ ਕੋਰਟ ਦੇ ਸਾਬਕਾ ਜੱਜ ਵੀ ਰਾਮ ਸੁਬਰਾਮਨੀਅਮ ਨੂੰ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਦਾ ਨਵਾਂ ਚੇਅਰਮੈਨ ਨਿਯੁਕਤ ਕੀਤਾ ਹੈ।

ਉਨ੍ਹਾਂ ਕਿਹਾ ਕਿ ਨਿਯੁਕਤੀ ਬਾਰੇ ਸਲਾਹ-ਮਸ਼ਵਰੇ ਅਤੇ ਸਹਿਮਤੀ ਨੂੰ ਨਜ਼ਰਅੰਦਾਜ਼ ਕੀਤਾ ਗਿਆ ਸੀ। ਖੜਗੇ ਅਤੇ ਰਾਹੁਲ ਗਾਂਧੀ ਨੇ ਇਸ ਅਹੁਦੇ ਲਈ ਜਸਟਿਸ ਰੋਹਿੰਟਨ ਫਲੀ ਨਰੀਮਨ ਅਤੇ ਜਸਟਿਸ ਕੁਟਿਲ ਮੈਥਿਊ ਜੋਸੇਫ ਦੇ ਨਾਂਵਾਂ ਦਾ ਪ੍ਰਸਤਾਵ ਰੱਖਿਆ ਸੀ।

ਰਾਸ਼ਟਰੀ ਮਨੁੱਖੀ ਅਧਿਕਾਰ ਕਮਿ-ਸ਼ਨ ਦੇ ਚੇਅਰਮੈਨ ਸੇਵਾਮੁਕਤ ਜੱਜ ਅਰੁਣ ਕੁਮਾਰ ਮਿਸ਼ਰਾ ਦਾ ਕਾਰਜਕਾਲ 1 ਜੂਨ ਨੂੰ ਖਤਮ ਹੋ ਗਿਆ ਸੀ। ਉਦੋਂ ਤੋਂ ਕਮਿਸ਼ਨ ਦੇ ਚੇਅਰਮੈਨ ਦਾ ਅਹੁਦਾ ਖਾਲੀ ਪਿਆ ਸੀ। ਨਵੇਂ ਚੇਅਰਮੈਨ ਅਤੇ ਮੈਂਬਰਾਂ ਦੀ ਚੋਣ ਲਈ 18 ਦਸੰਬਰ ਨੂੰ ਸੰਸਦ 'ਚ ਚੋਣ ਕਮੇਟੀ ਦੀ ਮੀਟਿੰਗ ਹੋਈ ਸੀ।

ਇਸ ਵਿਚ ਲੋਕ ਸਭਾ 'ਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਅਤੇ ਰਾਜ ਸਭਾ ਵਿਚ ਵਿਰੋਧੀ ਧਿਰ ਦੇ ਆਗੂ ਮਲਿਕਾਰਜੁਨ ਖੜਗੇ ਨੇ ਕਮੇਟੀ ਦੀ ਚੋਣ ਪ੍ਰਕਿਰਿਆ ਨੂੰ ਗਲਤ ਕਰਾਰ ਦਿੱਤਾ ਸੀ। ਉਨ੍ਹਾਂ ਕਿਹਾ ਕਿ ਇਹ ਪਹਿਲਾਂ ਤੋਂ ਯੋਜਨਾਬੱਧ ਸੀ। ਇਸ 'ਚ ਆਪਸੀ ਸਲਾਹ-ਮਸ਼ਵਰੇ ਅਤੇ ਸਹਿਮਤੀ ਨੂੰ ਨਜ਼ਰਅੰਦਾਜ਼ ਕੀਤਾ ਗਿਆ।

TechSpirit
Consultation, Installation & Servicing
Specialized in:
• Analog & IP security cameras Upgrade
• Installation & Maintenance,
• Video Doorbell Installation
Call: 905-621-4100
7-8770 The Gore Road, Brampton, ON L6P 0B1
1080p HD ਦੇ 4 ਸਿਕਊਰਟੀ ਕੈਮਰੇ ਸਿਰਫ $999 ਵਿੱਚ ਲਗਵਾਓ

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Well Settled Ramgarhia Family in Winnipeg looking for a suitable match for their son,34 years old,5-10"tall, cleanshave, Canadian Citizen. Call at 204-510-7658 for more info.

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal
Co-Host
Iqbal Mahal
Producer & Host
Serving the South Asian Community Since 1976

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੇ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਢਨੋਆ

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਸੈਲ ਐਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਮੋਦੀ ਕਿਸਾਨਾਂ ਨਾਲ ਮਤਰੇਈ ਮਾਂ ਵਾਲਾ ਸਲੂਕ ਕਰ ਰਹੇ ਹਨ : ਮੁੱਖ ਮੰਤਰੀ

*** ਹੈਂਕੜਬਾਜ਼ੀ ਛੱਡ ਕੇ ਅੰਦੋਲਨਕਾਰੀ ਕਿਸਾਨਾਂ ਨਾਲ ਗੱਲਬਾਤ ਦਾ ਰਾਹ ਖੋਲ੍ਹਿਆ ਜਾਵੇ-ਮੁੱਖ ਮੰਤਰੀ ਵੱਲੋਂ ਕੇਂਦਰ ਨੂੰ ਨਸੀਹਤ**



-ਚੰਡੀਗੜ੍ਹ, 24 ਦਸੰਬਰ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਕਿਸਾਨਾਂ ਨਾਲ ਮਤਰੇਈ ਮਾਂ ਵਾਲਾ ਸਲੂਕ ਅਪਣਾਉਣ ਅਤੇ ਕਿਸਾਨਾਂ ਨੂੰ ਉਨ੍ਹਾਂ ਦੀਆਂ ਹੱਕੀ ਮੰਗਾਂ ਰੱਖਣ ਲਈ ਮੌਕਾ ਨਾ ਦੇਣ ਦੀ ਸਖਤ ਆਲੋਚਨਾ ਕੀਤੀ।

ਇੱਕ ਬਿਆਨ ਵਿੱਚ ਮੁੱਖ ਮੰਤਰੀ ਨੇ ਅਫਸੋਸ ਜ਼ਾਹਰ ਕੀਤਾ ਕਿ ਆਪੂੰ ਬਣੇ 'ਗਲੋਬਲ ਲੀਡਰ' ਨਰਿੰਦਰ ਮੋਦੀ ਰੂਸ ਅਤੇ ਯੂਕਰੇਨ ਵਿਚਾਲੇ ਚੱਲ ਰਹੀ ਜੰਗ ਵਿੱਚ ਦਖਲਅੰਦਾਜ਼ੀ ਦੇਣ ਲਈ ਜ਼ਿਆਦਾ ਤਤਪਰ ਹਨ ਪਰ ਦੇਸ਼ ਦੇ ਅੰਨਦਾਤਿਆਂ ਪ੍ਰਤੀ ਪ੍ਰਧਾਨ ਮੰਤਰੀ ਦਾ ਰਵੱਈਆ ਬੇਗਾਨਗੀ ਵਾਲਾ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੇਸ਼ ਦੇ ਕਿਸਾਨਾਂ ਦੀਆਂ ਹੱਕੀ ਮੰਗਾਂ ਨੂੰ ਬੁਰੀ ਤਰ੍ਹਾਂ ਨਜ਼ਰਅੰਦਾਜ਼ ਕਰ ਰਹੀ ਹੈ ਜੋ ਕਿ ਅਤਿ ਨਿੰਦਣਯੋਗ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਬੜੀ ਮੰਦਭਾਗੀ ਗੱਲ ਹੈ ਕਿ ਪ੍ਰਧਾਨ ਮੰਤਰੀ ਦੇਸ਼ ਵਾਸੀਆਂ ਨੂੰ ਦਰਪੇਸ਼ ਮਸਲੇ ਹੱਲ ਕਰਨ ਦੀ ਬਜਾਏ ਕੌਮਾਂਤਰੀ ਮਾਮਲਿਆਂ ਵਿੱਚ ਦਖਲ ਦੇ ਕੇ 'ਗਲੋਬਲ ਲੀਡਰ' ਵਜੋਂ ਉਭਰਨ ਲਈ ਜ਼ਿਆਦਾ ਚਿੰਤਤ ਹਨ।

ਮੁੱਖ ਮੰਤਰੀ ਨੇ ਨਰਿੰਦਰ ਮੋਦੀ ਨੂੰ ਚੇਤੇ ਕਰਵਾਇਆ ਕਿ ਜਦੋਂ ਦੇਸ਼ ਅਨਾਜ ਉਤਪਾਦਨ ਦੇ ਗੰਭੀਰ ਸੰਕਟ ਦਾ ਸਾਹ-ਮਣਾ ਕਰ ਰਿਹਾ ਸੀ ਤਾਂ ਸੂਬੇ ਦੇ ਮਿਹਨਤੀ ਕਿਸਾਨਾਂ ਨੇ ਦੇਸ਼ ਨੂੰ ਅਨਾਜ ਪੱਖੋਂ ਆਤਮ ਨਿਰਭਰ ਬਣਾਇਆ। ਉਨ੍ਹਾਂ ਕਿਹਾ ਕਿ ਸੂਬੇ ਦੇ ਕਿਸਾਨਾਂ ਨੇ ਕੌਮੀ ਅੰਨ ਭੰਡਾਰ ਭਰਨ ਲਈ ਬੇਸ਼ਕੀਮਤੀ ਕੁਦਰਤੀ ਵਸੀਲੇ ਜਰਖੇਜ਼ ਮਿੱਟੀ ਅਤੇ ਪਾਣੀ ਨੂੰ ਦਾਅ ਉਤੇ ਲਾ ਦਿੱਤਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਕਿਸਾਨਾਂ ਦੇ ਵੱਡੇ ਯੋਗਦਾਨ ਦੇ ਬਾਵਜੂਦ ਕੇਂਦਰ ਸਰਕਾਰ ਨੇ ਉਨ੍ਹਾਂ ਪ੍ਰਤੀ ਵਿਰੋਧੀ ਰਵੱਈਆ ਅਪਣਾਇਆ ਹੋਇਆ ਹੈ। ਉਨ੍ਹਾਂ ਕਿਹਾ ਕਿ ਇਹ ਬੜੀ ਹੈਰਾਨੀ ਦੀ ਗੱਲ ਹੈ ਕਿ ਕੇਂਦਰ ਸਰਕਾਰ ਕੌਮੀ ਰਾਜਧਾਨੀ ਤੋਂ 200 ਕਿਲੋਮੀਟਰ ਦੂਰ ਬੈਠੇ ਕਿਸਾਨਾਂ ਨਾਲ ਗੱਲ ਸੁਣਨ ਲਈ ਵੀ ਤਿਆਰ ਨਹੀਂ।

ਮੁੱਖ ਮੰਤਰੀ ਨੇ ਕੇਂਦਰ ਸਰਕਾਰ ਨੂੰ ਆਪਣਾ ਹੰਕਾਰੀ ਰਵੱਈਆ ਛੱਡਣ ਅਤੇ ਅੰਦੋਲਨਕਾਰੀ ਕਿਸਾਨਾਂ ਨਾਲ ਗੱਲਬਾਤ ਦਾ ਰਾਹ ਖੋਲ੍ਹਣ ਦੀ ਨਸੀਹਤ ਦਿੱਤੀ। ਉਨ੍ਹਾਂ ਕਿਹਾ ਕਿ ਕੇਂਦਰ ਨੂੰ ਕਿਸਾਨਾਂ ਨਾਲ ਗੱਲਬਾਤ ਕਰਨ ਲਈ ਕਿਸੇ ਵਿਸ਼ੇਸ਼ ਮੌਕੇ ਦੀ ਉਡੀਕ ਨਹੀਂ ਕਰਨੀ ਚਾਹੀਦੀ, ਸਗੋਂ ਪਹਿਲ ਦੇ ਆਧਾਰ ਉਤੇ ਕਿਸਾਨਾਂ ਦੀਆਂ ਸ਼ਿਕਾਇਤਾਂ ਦਾ ਹੱਲ ਕਰਨਾ ਚਾਹੀਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਮੇਂ ਦੀ ਲੋੜ ਹੈ ਕਿ ਕਿਸਾਨਾਂ ਦੇ ਮਸਲਿਆਂ ਨੂੰ ਵਡੇਰੇ ਲੋਕ ਹਿੱਤ ਵਿੱਚ ਜਲਦੀ ਤੋਂ ਜਲਦੀ ਹੱਲ ਕੀਤਾ ਜਾਵੇ।

# ਆਲ ਇੰਡੀਆ ਸਰਵਿਸਜ਼ ਕਬੱਡੀ ਟੂਰਨਾਮੈਂਟ ਲਈ ਪੰਜਾਬ ਟੀਮਾਂ ਦੇ ਟਰਾਇਲ ਭਲਕੇ

ਚੰਡੀਗੜ੍ਹ, 24 ਦਸੰਬਰ (ਪੋਸਟ ਬਿਊਰੋ): ਸੈਂਟਰਲ ਸਿਵਲ ਸਰਵਿਸਜ਼ ਕਲਚਰਲ ਐਂਡ ਬੋਰਡ ਵੱਲੋਂ ਆਲ ਇੰਡੀਆ ਸਰਵਿਸਜ਼ ਕਬੱਡੀ (ਪੁਰਸ਼ ਤੇ ਮਹਿਲਾ) ਟੂਰਨਾਮੈਂਟ 3 ਤੋਂ 8 ਜਨਵਰੀ, 2025 ਤੱਕ ਨਵੀਂ ਦਿੱਲੀ ਵਿਖੇ ਕਰਵਾਏ ਜਾਣਗੇ। ਪੰਜਾਬ ਦੀ ਪੁਰਸ਼ ਤੇ ਮਹਿਲਾ ਕਬੱਡੀ ਟੀਮਾਂ ਲਈ ਟਰਾਇਲ 26 ਦਸੰਬਰ ਨੂੰ ਪੋਲੋ ਗਰਾਊਂਡ ਪਟਿਆਲਾ ਵਿਖੇ ਸਵੇਰੇ 11 ਵਜੇ ਲਏ ਜਾਣਗੇ।

ਖੇਡ ਵਿਭਾਗ ਦੇ ਬੁਲਾਰੇ ਨੇ ਅੱਗੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਨ੍ਹਾਂ ਟਰਾਇਲਾਂ ਵਿੱਚ ਸੁਰੱਖਿਆ ਸੇਵਾਵਾਂ /ਨੀਮ ਸੁਰੱਖਿਆ ਸੰਸਥਾਵਾਂ/ਕੇਂਦਰੀ ਪ ੁ ਿ ਲ ਸ ਸੰਸਥਾਵਾਂ/ਪੁਲਿਸ/ਆਰਪੀਐਫ/ਸੀਆਈਐਸਐਫ/ਬੀਐਸ.ਐਫ./ਆਈਟੀਬੀਪੀ ਅਤੇ ਐਨਐਸਜੀ ਆਦਿ ਦੇ ਕਰਮਚਾਰੀ, ਖ਼ੁਦਮੁਖ਼ਤਿਆਰ ਧਿਰਾਂ/ਅੰਡਰਟੇਕਿੰਗ/ਜਨਤਕ ਖੇਤਰ ਦੇ ਬੈਂਕ ਇੱਥੋਂ ਤੱਕ ਕਿ ਕੇਂਦਰੀ ਮੰਤਰਾਲੇ ਵਲੋਂ ਸੰਚਾਲਿਤ ਬੈਂਕ ਵੀ, ਕੱਚੇ /ਦਿਹਾੜੀਦਾਰ ਵਾਲੇ ਕਰਮੀ, ਦਫਤਰਾਂ ਵਿੱਚ ਆਰਜ਼ੀ ਤੌਰ 'ਤੇ ਕੰਮ ਕਰਦੇ ਕਰਮਚਾਰੀ, ਨਵੇਂ ਭਰਤੀ ਹੋਏ ਕਰਮਚਾਰੀ ,ਜੋ 6 ਮਹੀਨੇ ਤੋਂ ਘੱਟ ਸਮੇਂ ਤੋਂ ਰੈਗੂਲਰ ਸੇਵਾਵਾਂ ਵਿੱਚ ਕੰਮ ਕਰਦੇ ਹਨ, ਨੂੰ ਛੱਡ ਕੇ ਬਾਕੀ ਵੱਖ-ਵੱਖ ਵਿਭਾਗਾਂ ਦੇ ਸਰਕਾਰੀ ਮੁਲਾਜ਼ਮ (ਰੈਗੂਲਰ) ਆਪਣੇ ਵਿਭਾਗਾਂ ਪਾਸੋਂ ਐਨ.ਓ.ਸੀ. ਪ੍ਰਾਪਤ ਕਰਨ ਉਪਰੰਤ ਹੀ ਭਾਗ ਲੈ ਸਕਦੇ ਹਨ। ਇਸ ਟੂਰਨਾਮੈਂਟ ਵਿੱਚ ਆਉਣ/ਜਾਣ, ਰਹਿਣ ਅਤੇ ਖਾਣ-ਪੀਣ ਤੇ ਆਉਣ ਵਾਲੇ ਖਰਚੇ ਦੀ ਅਦਾਇਗੀ ਖਿਡਾਰੀ ਵੱਲੋਂ ਨਿੱਜੀ ਤੌਰ ਉਤੇ ਕੀਤੀ ਜਾਵੇਗੀ।

# ਪੀ.ਐੱਸ.ਪੀ.ਸੀ.ਐੱਲ. ਕਰਮਚਾਰੀਆਂ ਤੋਂ 35 ਹਜ਼ਾਰ ਰੁਪਏ ਰਿਸ਼ਵਤ ਲੈਣ ਵਾਲਾ ਵਿਜੀਲੈਂਸ ਬਿਊਰੋ ਵੱਲੋਂ ਕਾਬੂ



ਚੰਡੀਗੜ੍ਹ, 24 ਦਸੰਬਰ (ਪੋਸਟ ਬਿਊਰੋ): ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਬਠਿੰਡਾ ਜ਼ਿਲ੍ਹੇ ਦੇ ਮੌੜ ਵਾਸੀ ਅੰਮ੍ਰਿਤਪਾਲ ਉਰਫ਼ ਕੱਦੂ ਨਾਮਕ ਵਿਅਕਤੀ ਨੂੰ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ.) ਦੇ ਸਬ ਡਵੀਜ਼ਨ ਦਫ਼ਤਰ ਮੌੜ ਵਿਖੇ ਤਾਇਨ-ਾਤ ਕਰਮਚਾਰੀਆਂ ਤਰਫ਼ੋਂ 35,000 ਰੁਪਏ ਰਿਸ਼ਵਤ ਲੈਣ ਅਤੇ 20000 ਰੁਪਏ ਹੋਰ ਮੰਗਣ ਦੇ ਦੋਸ਼ ਹੇਠ ਕਾਬੂ ਕੀਤਾ ਹੈ।

ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਅੱਜ ਇੱਥੇ ਰਾਜ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਮਾਨਸਾ ਜ਼ਿਲ੍ਹੇ ਦੇ ਪਿੰਡ ਉੱਭਾ ਦੇ ਵਸਨੀਕ ਭੋਲਾ ਸਿੰਘ ਵੱਲੋਂ ਦਰਜ ਕਰਵਾਈ ਆਨਲਾਈਨ ਸ਼ਿਕਾਇਤ ਦੀ ਪੜਤਾਲ ਉਪਰੰਤ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਹਨਾਂ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਪੜਤਾਲ ਦੌਰਾਨ ਪਾਇਆ ਗਿਆ ਕਿ ਉਕਤ ਮੁਲਜ਼ਮ ਨੇ ਖੁਦ ਨੂੰ ਪੀ.ਐਸ.ਪੀ.ਸੀ.ਐਲ. ਦਾ ਅਧਿਕਾਰਤ ਠੇਕੇਦਾਰ ਦੱਸਦਿਆਂ ਟਿਊਬਵੈੱਲ ਕੁਨੈਕਸ਼ਨ ਲਗਾਉਣ ਬਦਲੇ ਪੀ.ਐਸ.ਪੀ.ਸੀ.ਐਲ ਦਫ਼ਤਰ ਮੌੜ ਵਿਖੇ ਤਾਇਨਾਤ ਕਰਮਚਾਰੀਆਂ ਦੀ ਤਰਫ਼ੋਂ 35,000 ਰੁਪਏ ਰਿਸ਼ਵਤ ਮੰਗੀ ਅਤੇ ਲਈ ਸੀ। ਪੜਤਾਲ ਦੌਰਾਨ ਇਹ ਵੀ ਸਾਹਮਣੇ ਆਇਆ ਕਿ ਮੁਲਜ਼ਮ ਨੇ ਇਸ ਮਕਸਦ ਲਈ 20 ਹਜ਼ਾਰ ਰੁਪਏ ਹੋਰ ਵੀ ਮੰਗੇ ਸਨ।

ਉਨ੍ਹਾਂ ਅੱਗੇ ਦੱਸਿਆ ਕਿ ਇਸ ਸਬੰਧੀ ਵਿਜੀਲੈਂਸ ਬਿਊਰੋ ਥਾਣਾ ਰੇਂਜ ਬਠਿੰਡਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕਰਕੇ ਉਕਤ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਉਸ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਕੇਸ ਦੀ ਅਗਲੇਰੀ ਜਾਂਚ ਜਾਰੀ ਹੈ।

# ਪੰਚਾਇਤੀ ਚੋਣਾਂ 'ਚ ਕਾਗਜ਼ ਰੱਦ ਨਾ ਕਰਨ ਬਦਲੇ 23 ਲੱਖ ਰੁਪਏ ਰਿਸ਼ਵਤ ਲੈਣ ਵਾਲੇ ਤਿੰਨ ਵਿਅਕਤੀਆਂ ਖਿਲਾਫ਼ ਵਿਜੀਲੈਂਸ ਬਿਊਰੋ ਵੱਲੋਂ ਮੁਕੱਦਮਾ ਦਰਜ

ਚੰਡੀਗੜ੍ਹ, 24 ਦਸੰਬਰ (ਪੋਸਟ ਬਿਊਰੋ): ਪੰਜਾਬ ਵਿਜੀਲੈਂਸ ਬਿਊਰੋ ਨੇ ਪੰਚਾਇਤੀ ਚੋਣ ਲਈ ਸਰਪੰਚ ਅਤੇ ਪੰਚਾਇਤ ਮੈਂਬਰਾਂ ਦੇ ਨਾਮਜਦਗੀ ਫਾਰਮ ਰੱਦ ਨਾ ਕਰਨ ਬਦਲੇ 23 ਲੱਖ ਰੁਪਏ ਦੀ ਰਿਸ਼ਵਤ ਲੈਣ ਅਤੇ ਆਪਣੇ ਅਧਿਕਾਰਾਂ ਦੀ ਦੁਰਵਰਤੋਂ ਕਰਨ ਦੇ ਦੋਸ਼ ਹੇਠ ਗੁਲਾਬ ਸਿੰਘ, ਐਸ.ਡੀ.ਓ. ਨਹਿਰੀ ਵਿਭਾਗ ਫਿਰੋਜਪੁਰ, ਉਸ ਵੇਲੇ ਬਤੌਰ ਰਿਟਰਨਿੰਗ ਅਫਸਰ (ਆਰ.ਓ) ਬਲਾਕ ਘੱਲ ਖੁਰਦ ਅਤੇ ਦਵਿੰਦਰ ਸਿੰਘ, ਸਬ-ਇੰਸਪੈਕਟਰ ਖੇਤੀਬਾੜੀ ਵਿਭਾਗ ਫਿਰੋਜਪੁਰ, ਉਸ ਵੇਲੇ ਸਹਾਇਕ ਰਿਟਰਨਿੰਗ ਅਫਸਰ (ਏ.ਆਰ.ਓ.) ਬਲਾਕ ਘੱਲ ਖੁਰਦ, ਫਿਰੋਜਪੁਰ, ਅਤੇ ਉੱਥੋਂ ਦੇ ਨਿਵੇਦਿਅਮ ਹੋਟਲ ਦੇ ਮਾਲਕ ਰਾਹੁਲ ਨਾਰੰਗ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਹੈ। ਇਸ ਮੁਕੱਦਮੇ ਵਿੱਚ ਗੁਲਾਬ ਸਿੰਘ, ਐਸ.ਡੀ.ਓ. ਪਹਿਲਾਂ ਹੀ ਗ੍ਰਿਫ਼ਤਾਰ ਕੀਤਾ ਜਾ ਚੁੱਕਾ ਹੈ ਅਤੇ ਉਹ ਇਸ ਵੇਲੇ ਜੇਲ੍ਹ ਵਿੱਚ ਬੰਦ ਹੈ। ਸਹਿ-ਮੁਲਜ਼ਮ ਹੋਟਲ ਮਾਲਕ ਰਾਹੁਲ ਨਾਰੰਗ ਨੂੰ ਵੀ ਗ੍ਰਿਫ਼ਤਾਰ ਕਰ ਲਿਆ ਹੈ।

ਇਹ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਮੁਕੱਦਮਾ ਇੱਕ ਸ਼ਿਕਾਇਤ ਦੀ ਵੈਰੀਫਿਕੇਸ਼ਨ ਉਪਰੰਤ ਦਰਜ ਕੀਤਾ ਗਿਆ ਹੈ। ਸ਼ਿਕਾਇਤ ਦੀ ਪੜਤਾਲ ਦੌਰਾਨ ਪਾਇਆ ਗਿਆ ਕਿ ਸ਼ਿਕਾਇਤਕਰਤਾ ਹਰਦੀਪ ਸਿੰਘ ਅਤੇ ਉਸ ਦੇ ਭਰਾ ਜਗਦੇਵ ਸਿੰਘ ਵਲੋਂ ਪਿੰਡ ਤੂਤ, ਜਿਲ੍ਹਾ ਫਿਰੋਜਪੁਰ ਦੀ ਸਰਪੰਚੀ ਚੋਣ ਲਈ ਅਤੇ ਸੁਖਜੀਤ ਕੌਰ, ਰਸ਼ਪਾਲ ਸਿੰਘ,




ਮਨਜੀਤ ਕੌਰ ਅਤੇ ਜਗਮੋਹਨ ਸਿੰਘ ਵੱਲੋਂ ਮੈਂਬਰ ਪੰਚਾਇਤ ਦੀ ਚੋਣ ਲਈ ਨਾਮਜਦਗੀ ਫਾਰਮ ਭਰੇ ਸਨ। ਫਾਰਮ ਭਰਨ ਤੋਂ ਬਾਅਦ ਸ਼ਿਕਾਇਤਕਰਤਾ ਨੇ ਫਾਰਮਾਂ ਦੇ ਸਬੰਧ ਵਿੱਚ ਉਕਤ ਦੋਸ਼ੀ ਦਵਿੰਦਰ ਸਿੰਘ, ਸਬ-ਇੰਸਪੈਕਟਰ ਖੇਤੀਬਾੜੀ ਵਿਭਾਗ ਫਿਰੋਜਪੁਰ, ਉਸ ਵੇਲੇ ਸਹਾਇਕ ਰਿਟਰਨਿੰਗ ਅਫਸਰ (ਏ.ਆਰ.ਓ.) ਬਲਾਕ ਘੱਲ ਖੁਰਦ, ਫਿਰੋਜਪੁਰ ਦੇ ਘਰ ਪਿੰਡ ਵਜੀਦਪੁਰ ਵਿਖੇ ਗਿਆ, ਜਿੱਥੇ ਉਸਨੂੰ ਦੋਸ਼ੀ ਗੁਲਾਬ ਸਿੰਘ, ਐਸ.ਡੀ.ਓ ਨਹਿਰੀ ਵਿਭਾਗ ਫਿਰੋਜਪੁਰ, ਉਸ ਵੇਲੇ ਬਤੌਰ ਰਿਟਰਨਿੰਗ ਅਫਸਰ (ਆਰ.ਓ) ਬਲਾਕ ਘੱਲ ਖੁਰਦ ਵੀ ਮਿਲਿਆ। ਦੋਵਾਂ ਰਿਟਰਨਿੰਗ ਅਫਸਰਾਂ ਨੇ ਸ਼ਿਕਾਇਤਕਰਤਾ ਪਾਸੋਂ ਨਾਮਜ਼ਦਗੀ ਫਾਰਮ ਰੱਦ ਨਾ ਕਰਨ ਬਦਲੇ 15 ਲੱਖ ਰੁਪਏ ਦੀ ਮੰਗ ਕੀਤੀ ਅਤੇ ਨਿਵੇਦਿਅਮ ਹੋਟਲ ਦੇ ਮਾਲਕ ਰਾਹੁਲ ਨਾਰੰਗ ਨੂੰ ਇਹ ਰਕਮ ਦੇਣ ਲਈ ਕਿਹਾ।

ਸ਼ਿਕਾਇਤਕਰਤਾ ਨੇ ਆਪਣੇ ਭਰਾ ਜਗਦੇਵ ਸਿੰਘ ਅਤੇ ਹੋਰਨਾਂ ਦੀ ਹਾਜ਼ਰੀ ਵਿੱਚ ਉਕਤ ਰਾਹੁਲ ਨਾਰੰਗ ਨੂੰ 15 ਲੱਖ ਰੁਪਏ ਦੇ ਦਿੱਤੇ ਤਾਂ ਰਾਹੁਲ ਨਾਰੰਗ ਨੂੰ ਜਦੋਂ ਸ਼ਿਕਾਇਤਕਰਤਾ ਹਰਦੀਪ ਸਿੰਘ ਨੇ ਮੈਂਬਰਾਂ ਸਬੰਧੀ ਪੁੱਛਿਆ ਤਾਂ ਰਾਹੁਲ ਨਾਰੰਗ ਨੇ 8 ਲੱਖ ਰੁਪਏ (ਪ੍ਰਤੀ ਮੈਂਬਰ 2 ਲੱਖ ਰੁਪਏ) ਹੋਰ ਅਦਾਇਗੀ ਬਤੌਰ ਰਿਸ਼ਵਤ ਦੇਣ ਲਈ ਕਿਹਾ।

ਬੁਲਾਰੇ ਨੇ ਦੱਸਿਆ ਕਿ ਵਿਜੀਲੈਂਸ ਬਿਊਰੋ ਵੱਲੋਂ ਪੜਤਾਲ ਦੌਰਾਨ ਦੋਸ਼ੀ ਗੁਲਾਬ ਸਿੰਘ ਐਸ.ਡੀ.ਓ. ਅਤੇ ਦੋਸ਼ੀ ਦਵਿੰਦਰ ਸਿੰਘ ਸਬ-ਇੰਸਪੈਕਟਰ ਦੁਆਰਾ ਆਪਣੇ ਅਧਿਕਾਰਾਂ ਦੀ ਦੁਰਵਰਤੋਂ ਕਰਕੇ ਰਾਹੁਲ ਨਾਰੰਗ, ਮਾਲਕ ਨਿਵੇ-ਦਅਮ ਹੋਟਲ ਨਾਲ ਸ਼ਾਹਬਾਜ਼ ਹੋ ਕੇ ਸ਼ਿਕਾਇਤਕਰਤਾ ਹਰਦੀਪ ਸਿੰਘ ਪਾਸੋਂ 23 ਲੱਖ ਰੁਪਏ ਹਾਸਲ ਕਰਨ ਦੇ ਦੋਸ਼ ਸਾਹਮਣੇ ਆਏ ਹਨ ਜਿਸ ਕਰਕੇ ਵਿਜੀਲੈਂਸ ਬਿਊਰੋ ਫਿਰੋਜਪੁਰ ਰੇਂਜ ਦੇ ਥਾਣੇ ਵਿੱਚ ਉਕਤ ਤਿੰਨਾਂ ਮੁਲਜ਼ਮਾਂ ਖਿਲਾਫ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਹੋਟਲ ਮਾਲਕ ਰਾਹੁਲ ਨਾਰੰਗ ਨੂੰ ਗ੍ਰਿਫਤਾਰ ਕਰ ਲਿਆ ਹੈ ਅਤੇ ਭਲਕੇ ਉਸ ਨੂੰ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਇਸ ਮੁਕੱਦਮੇ ਦੀ ਹੋਰ ਤਫਤੀਸ਼ ਜਾਰੀ ਹੈ।

# ਮੰਤਰੀ ਹਰਭਜਨ ਸਿੰਘ ਈਟੀਓ ਵੱਲੋਂ ਕਾਰਜਕਾਰੀ ਇੰਜਨੀਅਰ ਰੋਹਿਤ ਜਿੰਦਲ ਨੂੰ ਪੀਸੀਐਸ ਅਫਸਰ ਵਜੋਂ ਚੁਣੇ ਜਾਣ 'ਤੇ ਵਧਾਈ



ਚੰਡੀਗੜ੍ਹ, 24 ਦਸੰਬਰ (ਪੋਸਟ ਬਿਊਰੋ): ਪੰਜਾਬ ਦੇ ਲੋਕ ਨਿਰਮਾਣ ਅਤੇ ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਨੇ ਕਾਰਜਕਾਰੀ ਇੰਜੀਨੀਅਰ (ਪੀ.ਡਬਲਿਊ.ਡੀ) ਰੋਹਿਤ ਜਿੰਦਲ ਨੂੰ ਪੰਜਾਬ ਸਿਵਲ ਸਰਵਿਸਿਜ਼ (ਪੀ.ਸੀ.ਐਸ.) ਅਧਿਕਾਰੀ ਚੁਣੇ ਜਾਣ 'ਤੇ ਵਧਾਈ ਦਿੱਤੀ ਹੈ। ਲੋਕ ਨਿਰਮਾਣ ਮੰਤਰੀ ਨੇ ਇਸ ਮੌਕੇ ਲਗਾਤਾਰ ਸਿੱਖਦੇ ਰਹਿਣ ਅਤੇ ਪੇਸ਼ੇਵਰ ਵਿਕਾਸ ਦੇ ਮਹੱਤਵ 'ਤੇ ਵੀ ਜੋਰ ਦਿੱਤਾ।

ਅੱਜ ਇੱਥੇ ਆਪਣੇ ਦਫ਼ਤਰ ਵਿਖੇ ਰੋਹਿਤ ਜਿੰਦਲ ਨੂੰ ਸਨਮਾਨਿਤ ਕਰਦੇ ਹੋਏ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਨੇ ਇਸ ਵੱਕਾਰੀ ਉਪਲਬਧੀ ਲਈ ਉਸ ਦੀ ਬੇਮਿਸਾਲ ਪ੍ਰਤੀਬੱਧਤਾ ਅਤੇ ਲਗਨ ਲਈ ਸ਼ਲਾਘਾ ਕੀਤੀ। ਕੈਬਨਿਟ ਮੰਤਰੀ ਨੇ ਕਿਹਾ ਕਿ ਰੋਹਿਤ ਜਿੰਦਲ ਦਾ ਕਾਰਜਕਾਰੀ ਇੰਜੀਨੀਅਰ ਤੋਂ ਪੀਸੀਐਸ ਅਧਿਕਾਰੀ ਤੱਕ ਦਾ ਸਫ਼ਰ ਇਸ ਗੱਲ ਦੀ ਇੱਕ ਸ਼ਾਨਦਾਰ ਉਦਾਹਰਣ ਹੈ ਕਿ ਦ੍ਰਿੜਤਾ ਅਤੇ ਲਗਨ ਨਾਲ ਕੀ ਪ੍ਰਾਪਤ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਇਸ ਅਧਿਕਾਰੀ ਦੀ ਇਹ ਪ੍ਰਾਪਤੀ ਬਿਨਾਂ ਸ਼ੱਕ ਦੂਜਿਆਂ ਨੂੰ ਤਰੱਕੀ ਲਈ ਲਗਾਤਾਰ ਯਤਨ ਕਰਦੇ ਰਹਿਣ ਲਈ ਪ੍ਰੇਰਿਤ ਕਰੇਗੀ।










# ਨੰਗੇ ਪੈਰੀਂ ਮਾਲਕ ਅਨੰਦਪੁਰ ਦੇ ਜਾਂਦੇ ਮਾਛੀਵਾੜੇ ਨੂੰ...

ਪੋਹ ਦਾ ਮਹੀਨਾ, ਸ਼ਹੀਦੀਆਂ ਦਾ ਮਹੀਨਾ ਹੈ। ਸਿੱਖ ਇਤਿਹਾਸ ਨੂੰ ਸੂਰਬੀਰ ਯੋਧਿਆਂ, ਸ਼ਹੀਦਾਂ ਜਾਂ ਕੁਰਬਾਨੀਆਂ ਦਾ ਇਤਿਹਾਸ ਕਹਿਣਾ ਕੋਈ ਅਤਿ-ਕਥਨੀ ਨਹੀਂ ਹੈ। ਇਸ ਇਤਿਹਾਸ ਵਿਚ ਪੋਹ ਦਾ ਮਹੀਨਾ ਇਕ ਸੁਨਹਿਰੀ ਪਰ ਲਹੂ ਭਿੱਜੇ ਹਾਸ਼ੀਏ ਵਾਲਾ ਪੰਨਾ ਹੈ। ਸੰਸਾਰ ਭਰ ਵਿਚ ਹਰ ਨਾਨਕ ਨਾਮ ਲੇਵਾ, ਸਿੱਖ ਸੰਗਤ ਤੇ ਮਨੁੱਖਤਾ ਨੂੰ ਪਿਆਰ ਕਰਨ ਵਾਲਾ ਮਨੁੱਖ ਇਸ ਮਹੀਨੇ ਨੂੰ ਸ਼ਹੀਦੀ ਮਹੀਨਾ ਗਿਣਦਾ ਹੈ। ਸਿੱਖ ਇਤਿਹਾਸ ਦੇ ਸ਼ਹੀਦੀ ਹਫ਼ਤੇ ਦੀ ਸ਼ੁਰੂਆਤ ਨੂੰ ਦਰਸਾਉਂਦੇ ਇਸ ਹਫ਼ਤੇ ਦੌਰਾਨ, ਖ਼ਾਲਸੇ ਨੇ ਗੁਰੂ ਗੋਬਿੰਦ ਸਿੰਘ ਜੀ ਦੀ ਅਗਵਾਈ ਵਿਚ ਬਹਾਦਰੀ ਅਤੇ ਕੁਰਬਾਨੀ ਦਾ ਪ੍ਰਦਰਸ਼ਨ ਕੀਤਾ ਜਿਸ ਦੀ ਦੁਨੀਆਂ ਦੇ ਕਿਸੇ ਵੀ ਇਤਿਹਾਸ ਵਿਚ ਕੋਈ ਮਿਸਾਲ ਨਹੀਂ ਹੈ। ਇਹ ਸਿੱਖਾਂ ਲਈ ਸਭ ਤੋਂ ਦੁਖਦਾਈ ਹਫ਼ਤਾ ਵੀ ਸੀ, ਜਿਨ੍ਹਾਂ ਨੇ ਗੁਰੂ ਪ੍ਰਵਾਰ ਤੇ ਉਨ੍ਹਾਂ ਦੇ ਵਫ਼ਾਦਾਰ ਪੈਰੋਕਾਰਾਂ ਨੂੰ ਖੋ ਦਿਤਾ ਸੀ।

ਸਿੱਖ ਇਤਿਹਾਸ ਵਿਚ ਇਸ ਸਫ਼ਰ-ਏ-ਸ਼ਹਾਦਤ ਦੀ ਦਾਸਤਾਨ ਉਦੋਂ ਸ਼ੁਰੂ ਹੋਈ ਜਦੋਂ ਗੁਰੂ ਸਾਹਿਬ ਅਨੰਦਪੁਰ ਸਾਹਿਬ ਵਿਚ ਸਨ। ਬਿਕਰਮੀ 1761, ਪੋਹ 6-7 ਮੁਤਾਬਕ ਸੰਨ 1704, ਦਸੰਬਰ 20-21 ਦੀ ਅੱਧੀ ਰਾਤ ਨੂੰ ਜਦੋਂ ਦਸਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸੱਭ ਕੁੱਝ ਜਾਣਦਿਆਂ ਵੀ ਮੁਗ਼ਲਾਂ ਤੇ ਪਹਾੜੀ ਰਾਜਿਆਂ ਵਲੋਂ ਝੂਠੀਆਂ ਕਸਮਾਂ ਖਾਣ ਉਪਰੰਤ ਅਨੰਦਪੁਰ ਸਾਹਿਬ ਦੀ ਧਰਤ ਸੁਹਾਵੀ ਤੋਂ ਕਿਲ੍ਹਾ ਅਨੰਦਗੜ੍ਹ ਛਡਿਆ ਤਾਂ ਮੁਸੀਬਤਾਂ ਦੇ ਝੱਖੜ ਝੁੱਲ ਪਏ। ਮਗਰੋਂ ਸੌਹਾਂ ਤੋਂ ਮੁੱਕਰ ਕੇ ਹਿੰਦੂ ਪਹਾੜੀ ਰਾਜਿਆਂ ਦੀ ਫ਼ੌਜ ਅਤੇ ਮੁਗ਼ਲ ਫ਼ੌਜ ਨੇ ਹਮਲਾ ਕਰ ਦਿਤਾ। ਕਈ ਸਿੰਘ ਸ਼ਹੀਦ ਹੋ ਗਏ। ਕਈ ਸਰਸਾ ਨਦੀ ਪਾਰ ਕਰਦੇ ਰੁੜ੍ਹ ਗਏ। ਇਸ ਘੋਰ ਸੰਕਟਮਈ ਸਮੇਂ ਸਰਸਾ ਨਦੀ ਤੋਂ ਦਸਮ ਪਿਤਾ ਦਾ ਸਮੁੱਚਾ ਪ੍ਰਵਾਰ ਉਨ੍ਹਾਂ ਤੋਂ ਵਿਛੜ ਗਿਆ। ਵਿਛੜਣ ਤੋਂ ਬਾਅਦ ਫਿਰ ਕਦੀ ਗੁਰੂ ਜੀ ਦੇ ਪ੍ਰਵਾਰ ਦਾ ਆਪਸ ਵਿਚ ਮੇਲ ਨਹੀਂ ਹੋਇਆ।

ਕਿੱਥੇ ਰਹਿਣਗੇ ਹਿੰਦ ਦੇ ਵਾਰਿਸਾ ਉਹ,
ਵਾਰਿਸ ਹੋ ਕੇ ਵੀ ਜਿਹੜੇ ਵਿਸਾਰ ਚਲਿਆ।
ਧਾਹਾਂ ਮਾਰ ਕੇ ਰੋਣ ਗਰੀਬ ਲੱਗੇ,
ਅਨੰਦਪੁਰ ਛੱਡ ਗਰੀਬਾਂ ਦਾ ਯਾਰ ਚਲਿਆ...

ਅਕਾਲ ਪੁਰਖ ਦੇ ਹੁਕਮ ਅਨੁਸਾਰ ਸਰਸਾ ਨਦੀ ’ਤੇ ਹੋਏ ਪ੍ਰਵਾਰ ਵਿਛੋੜੇ ਤੋਂ ਬਾਅਦ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਚਾਲੀ ਸਿੰਘਾਂ ਅਤੇ ਦੋ ਵੱਡੇ ਸਾਹਿਬਜ਼ਾਦਿਆਂ ਨਾਲ ਚਮਕੌਰ ਦੀ ਗੜ੍ਹੀ ਵਿਚ ਆ ਟਿਕੇ। ਚਮਕੌਰ ਦੀ ਗੜ੍ਹੀ ਨੂੰ ਮੁਗ਼ਲ ਫ਼ੌਜਾਂ ਦੀ ਵੱਡੀ ਗਿਣਤੀ ਨੇ ਘੇਰਾ ਪਾ ਲਿਆ। ਗੁਰੂ ਸਾਹਿਬ ਗੜ੍ਹੀ ’ਚੋਂ ਪੰਜ-ਪੰਜ ਸਿੰਘਾਂ ਦੇ ਜੱਥੇ, ਮੁਗ਼ਲਾਂ ਦੀ ਫ਼ੌਜ ਨਾਲ ਮੁਕਾਬਲਾ ਕਰਨ ਲਈ ਭੇਜਦੇ, ਜੋ ਹਜ਼ਾਰਾਂ ਦੁਸ਼ਮਣਾਂ ਦੇ ਆਹੂ ਲਾਹੁੰਦੇ ਹੋਏ ਸ਼ਹੀਦੀਆਂ ਪਾ ਜਾਂਦੇ। ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਜੀ ਅਤੇ ਬਾਬਾ ਜੁਝਾਰ ਸਿੰਘ ਜੀ ਵੀ ਇਸ ਤਰ੍ਹਾਂ ਮੈਦਾਨੇ ਜੰਗ ਵਿਚ ਦੁਸ਼ਮਣ ਫ਼ੌਜ ਦੇ ਆਹੂ ਲਾਹੁੰਦਿਆਂ ਸ਼ਹਾਦਤ ਦਾ ਜਾਮ ਪੀ ਗਏ। ਸਾਹਿਬਜ਼ਾਦਿਆਂ ਦੀ ਸ਼ਹੀਦੀ ਉਪ੍ਰੰਤ ਅਖ਼ੀਰ ਬਾਕੀ ਰਹਿੰਦੇ ਸਿੰਘਾਂ ਨੇ ਗੁਰਮਤਾ ਕਰ ਕੇ ਗੁਰੂ ਜੀ ਨੂੰ ਗੜ੍ਹੀ ’ਚੋਂ ਬਾਹਰ ਜਾਣ ਲਈ ਕਿਹਾ। ਸਿੰਘਾਂ ਨੇ ਕਿਹਾ ਕਿ ਗੁਰੂ ਜੀ ਤੁਹਾਡਾ ਇੱਥੋਂ ਜ਼ਿੰਦਾ ਨਿਕਲਣਾ ਬਹੁਤ ਹੀ ਜ਼ਰੂਰੀ ਹੈ ਕਿਉਂਕਿ ਤੁਸੀਂ ਤਾਂ ਲੱਖਾਂ ਹੀ ਸਿੰਘ ਸਜਾ ਲਉਗੇ ਪਰ ਲੱਖਾਂ ਕਰੋੜਾਂ ਸਿੰਘ ਵੀ ਮਿਲ ਕੇ ਇਕ ਗੁਰੂ ਗੋਬਿੰਦ ਸਿੰਘ ਜੀ ਕਾਇਮ ਨਹੀਂ ਕਰ ਸਕਦੇ। ਗੁਰੂ ਜੀ ਨੇ ਕਿਹਾ ਕਿ ਉਹ ਪੰਜ ਸਿੰਘਾਂ ਦੇ ਗੁਰਮਤੇ ਅੱਗੇ ਅਪਣਾ ਸਿਰ ਝੁਕਾਉਂਦੇ ਹਨ ਪਰ ਉਹ ਚੋਰੀ-ਚੋਰੀ ਨਹੀਂ ਜਾਣਗੇ।

ਗੁਰੂ ਜੀ ਨੇ ਕਿਹਾ ਕਿ ਉਹ ਦੁਸ਼ਮਣ ਨੂੰ ਲਲਕਾਰ ਕੇ ਜਾਣਗੇ। ਕੁੱਝ ਇਤਿਹਾਸਕਾਰਾਂ ਮੁਤਾ-ਬਕ ਗੁਰੂ ਜੀ ਨੇ ਗੜ੍ਹੀ ਵਿਚੋਂ ਜਾਣ ਤੋਂ ਪਹਿਲਾਂ ਭਾਈ ਸੰਗਤ ਸਿੰਘ ਜੀ ਤੇ ਕੁੱਝ ਇਤਿਹਾਸਕਾਰਾਂ ਮੁਤਾਬਕ ਭਾਈ ਜੀਵਨ ਸਿੰਘ ਜੀ ਨੂੰ ਅਪਣੀ ਕਲਗ਼ੀ ਤੇ ਪੋਸ਼ਾਕਾ ਪਹਿਨਾ ਦਿਤਾ ਸੀ। ਅੱਧੀ ਰਾਤ ਲੰਘ ਚੁੱਕੀ ਸੀ ਅਤੇ ਅੱਧੀ ਅੱਗੇ ਸੀ। ਗੁਰੂ ਜੀ ਰਾਤ ਵੇਲੇ ਜਦੋਂ ਗੜ੍ਹੀ ’ਚੋਂ ਬਾਹਰ ਨਿਕਲੇ ਉਨ੍ਹਾਂ ਨੇ ਜਾਣ ਵੇਲੇ ਦੁਸ਼ਮਣ ਖ਼ਵਾਜਾ ਮਰਦੂਦ ਨੂੰ ਵੀ ਵੰਗਾਰਿਆ ਤਾਕਿ ਕਿਧਰੇ ਖਵਾਜਾ ਇਹ ਨਾਂ ਸਮਝੇ ਕਿ ਗੁਰੂ ਜੀ ਤਾਂ ਚੋਰੀ-ਚੋਰੀ ਨਿਕਲ ਗਏ ਹਨ। ਗੜ੍ਹੀ ਵਿਚੋਂ ਨਿਕਲਣ ਤੋਂ ਪਹਿਲਾਂ ਤਾੜੀ ਮਾਰ ਕੇ ਦੁਸ਼ਮਣ ਨੂੰ ਸੁਚੇਤ ਕੀਤਾ ਸੀ। ਗੁਰੂ ਜੀ ਨੇ ਗਰਜਵੀਂ ਆਵਾਜ਼ ’ਚ ਕਿਹਾ, ‘‘ਪੀਰੇ ਹਿੰਦ ਮੇਂ ਰਵਦ’ (ਹਿੰਦ ਦਾ ਪੀਰ, ਖ਼ਾਲਸੇ ਦਾ ਗੁਰੂ ਜਾ ਰਿਹਾ ਏ, ਜੇਕਰ ਕਿਸੇ ’ਚ ਹਿੰਮਤ ਹੈ ਤਾਂ ਆ ਕੇ ਫੜ ਲਵੋ)।’’ ਜਿਸ ਨਾਲ ਮੁਗ਼ਲਾਂ ਵਿਚ ਹਲਚਲ ਮੱਚ ਗਈ। ਆਪ ਜੀ ਫ਼ਤਿਹ ਦੇ ਜੈਕਾਰੇ ਛੱਡਦੇ ਹੋਏ ਚਮਕੌਰ ਦੀ ਗੜ੍ਹੀ ਨੂੰ ਛੱਡ ਕੇ ਮਾਛੀਵਾੜੇ ਦੇ ਜੰਗਲਾਂ ਵਲ ਨੂੰ ਹੋ ਤੁਰੇ। ਸ਼੍ਰੋਮਣੀ



ਕਵੀਸ਼ਰ ਕਰਨੈਲ ਸਿੰਘ ਪਾਰਸ ਰਾਮੂੰਵਾਲੀਆ ਨੇ ਉਕਤ ਵੇਲੇ ਦਾ ਬਿਰਤਾਂਤ ਬਿਆਨਦਿਆਂ ਲਿਖਿਆ ਹੈ - ‘‘ਗੁਰੂ ਰੂਪ ਖ਼ਾਲਸੇ ਦਾ ਕਿਹਾ ਮੰਨ ਕੇ ਦਾਤੇ ਹੋ ਤੁਰੇ ਵਿਦਾਅ, ਅੱਧੀ ਰਾਤ ਨੂੰ ਗੜ੍ਹੀ ’ਚੋਂ ਬੂਹਾ ਭੰਨ੍ਹ ਕੇ ਗਏ ਲਹਿੰਦੇ ਨੂੰ ਸਿੱਧਾ। ਗਏ ਪੀਰ ਹਿੰਦ ਨਾਲੇ ਉੱਚੀ ਸੁਰ ਦੇ ਕਹਿਤਾ ਜੰਗੀ ਖਾੜੇ ਨੂੰ, ਜਾਂਦਾ ਵੇਖ ਅਰਸ਼ਾਂ ਦੇ ਪੰਛੀ ਝੂਰਦੇ ਜੰਝੋਂ ਬਿਨਾਂ ਲਾੜੇ ਨੂੰ। ਨੰਗੇ ਪੈਰੀਂ ਮਾਲਕ ਅਨੰਦਪੁਰ ਦੇ ਜਾਂਦੇ ਮਾਛੀਵਾੜੇ ਨੂੰ।’’

ਕੱਚੀ ਗੜ੍ਹੀ ’ਚੋਂ ਸਿੱਧੇ ਦਸਮ ਪਿਤਾ ਲਹਿੰਦੇ ਵਲ ਹੋ ਤੁਰੇ। ਸਿਆਲ ਦੀ ਠੰਢੀ ਰਾਤ ਵਿਚ ਹਜ਼ੂਰ ਕੰਡਿਆਲੇ ਜੰਗਲਾਂ ਵਿਚ ਪੈਦਲ ਚੱਲ ਰਹੇ ਸਨ। ਟਿੱਬਿਆਂ ਦੀ ਰੇਤ ਲਹੂ ਨੂੰ ਸੁੰਨ ਕਰ ਦੇਣ ਵਾਲੀ ਸੀ। ਹਨੇਰਾ ਸੰਘਣਾ ਪਰ ਛੁਰੀ ਵਰਗਾ ਤਿੱਖਾ ਸੀ। ਪੋਹ ਮਹੀਨੇ ਦੀ ਠੰਢੀ ਠਾਰ ਰਾਤ ਵਿਚ ਚੱਲ ਕੇ ਗੁਰੂ ਸਾਹਿਬ ਨੰਗੇ ਪੈਰੀਂ, ਫਟੇ ਬਸਤਰਾਂ ਵਿਚ ਕੰਡਿਆਲੇ ਅਤੇ ਬਿਖਮ ਰਸਤਿਆਂ ਵਿਚੋਂ ਹੁੰਦੇ ਹੋਏ ਮਾਛੀਵਾੜੇ ਦੇ ਬੀਆਬਾਨ ਜੰਗਲਾਂ ਵਲ ਨੂੰ ਤੁਰੇ ਜਾ ਰਹੇ ਸਨ। ਸਿੱਖਾਂ ਦੇ ਮੂੰਹ ਮਾਛੀਵਾੜੇ ਦਾ ਨਾਮ ਆਉਂਦਿਆਂ ਹੀ ਇਕਦਮ ਬੀਆਬਾਨ ਸੁੰਨਸਾਨ ਜੰਗਲ, ਪੋਹ ਦੀ ਠੰਢੀ ਰਾਤ, ਖੂਹ ਦੀ ਟਿੰਡ ਦਾ ਸਿਰਹਾਣਾ, ਸੂਲਾਂ ਦੀ ਸੇਜ, ਮਨ ਮੰਡਲ ’ਤੇ ਇਹ ਬਣਦੀ ਤਸਵੀਰ ਚਿਤਰੀ ਜਾਂਦੀ ਹੈ। ਇਨ੍ਹਾਂ ਭਿਆਨਕ ਰਾਹਾਂ ’ਚੋਂ ਅਨੰਦਪੁਰ ਦਾ ਵਾਸੀ ਸੱਭ ਸੁੱਖ ਆਰਾਮ ਤਿਆਗ ਕੇ ਪੁੱਤਰਾਂ ਪਿਆਰਿਆਂ ਦੀ ਸ਼ਹਾਦਤ ਤੋਂ ਬਾਅਦ ਲੰਘਿਆ ਜਾ ਰਿਹੈ। ਨਾ ਹੱਥ ’ਚ ਬਾਜ਼, ਨਾ ਸੀਸ ਤੇ ਕਲਗ਼ੀ, ਨਾ ਘੋੜਾ, ਨਾ ਪੈਰੀਂ ਜੋੜਾ, ਬਾਣਾ ਵੀ ਝਾੜੀਆਂ ਨਾਲ ਖਹਿ ਖਹਿ ਲੀਰੋ ਲੀਰ, ਹੱਥ ’ਚ ਨੰਗੀ ਤੇਗ਼, ਐਸੀ ਹਾਲਤ ’ਚ ਇੱਥੇ ਪੁੱਜ ਕੇ ਆਪ ਜੀ ਨੇ ਪਹਿਲਾਂ ਖੂਹ ਤੋਂ ਜਲ ਕੱਢ ਕੇ ਛਕਿਆ ਅਤੇ ਖੂਹ ਤੋਂ ਲਗਭਗ 150 ਕੁ ਗਜ਼ ਦੀ ਦੂਰੀ ’ਤੇ ਸਥਿਤ ਜੰਡ ਦੇ ਰੁੱਖ ਹੇਠਾਂ (ਜਿੱਥੇ ਹੁਣ ਗੁਰਦੁਆਰਾ ਚਰਨ ਕੰਵਲ ਸਾਹਿਬ ਸੁਸ਼ੋਭਿਤ ਹੈ।) ਧਰਤੀ ਦੀ ਗੋਦ ’ਚ ਅਪਣੇ ਪਿਆਰੇ ਦੇ ਬਖ਼ਸ਼ੇ ਸੱਥਰ ਤੇ ਸੂਲਾਂ ਦੀ ਸੇਜ ’ਤੇ ਲੰਮੇ ਪੈ ਗਏ। ਕਈ ਰਾਤਾਂ ਦਾ ਥਕੇਵਾਂ ਹੁਣ ਵੀ ਰਾਤ ਭਰ ਦਾ ਸਫ਼ਰ, ਛੇਤੀ ਅੱਖ ਲੱਗ ਗਈ। ਇੰਜ ਸ਼ਾਂਤ ਸੁੱਤੇ ਜਿਵੇਂ ਕੁੱਝ ਹੋਇਆ ਹੀ ਨਾ ਹੋਵੇ। ਸੁੱਤਿਆਂ ਵੀ ਮਰਦ ਅਗੰਮੜੇ ਦੇ ਹੱਥ ਨੰਗੀ ਤਲਵਾਰ ਹੈ। ਲਖਤ-ਏ-ਜਿਗਰ ਸਾਹਿਬਜ਼ਾਦਾ ਅਜੀਤ ਸਿੰਘ ਅਤੇ ਜੁਝਾਰ ਸਿੰਘ ਸ਼ਹੀਦ ਹੋ ਚੁੱਕੇ ਸਨ। ਜਾਨ ਤੋਂ ਪਿਆਰੇ ਸਿੰਘ ਵਿਛੜ ਚੁਕੇ ਸਨ। ਪੈਰਾਂ ਵਿਚ ਕੰਡੇ ਚੁਭ ਗਏ, ਛਾਲੇ ਹੋ ਗਏ ਅਤੇ ਜ਼ਖ਼ਮਾਂ ਵਿਚ ਖ਼ੂਨ ਸਿੰਮਣ ਲੱਗਾ। ਭੁੱਖ ਪਿਆਸ ਯੁੱਧ ਦੀ ਥਕਾਵਟ ਆਦਿ ਬੇਸ਼ੁਮਾਰ ਮੁਸੀਬਤਾਂ ਦਾ ਘੇਰਿਆ ਗੁਰੂ ਬੁਰੇ ਹਾਲੀਂ ਸੀ। ਪਰ ਫਿਰ ਵੀ ਦਸਮੇਸ਼ ਪਿਤਾ ਦਾ ਸਿਦਕ ਨਹੀਂ ਡੋਲਿਆ। ਅਜਿਹੇ ਸਮੇਂ ਵੀ ਗੁਰੂ ਸਾਹਿਬ ਨੇ ਅਕਾਲ ਪੁਰਖ ਨੂੰ ਕੋਈ ਮਿਹਣਾ ਜਾਂ ਰੋਸ ਨਹੀਂ ਸਗੋਂ...

ਵਾਹੀ ਆਉਂਦਾ ਵਖਰੀ ਲਕੀਰ ਪਾਤਸ਼ਾਹ!
ਕੰਢਿਆਂ ’ਤੇ ਸੁੱਤਾ ਹੈ ਫ਼ਕੀਰ ਪਾਤਸ਼ਾਹ।

ਜਿਨ੍ਹਾਂ ਬਿਖੜੇ ਰਾਹਾਂ ਤੋਂ ਕਲਗ਼ੀਧਰ ਪਾਤਸ਼ਾਹ ਲੰਘ ਗਏ, ਉਨ੍ਹਾਂ ਰਾਹਾਂ ’ਤੇ ਅਜਿਹੀਆਂ ਪੈੜਾਂ ਪਾ ਗਏ ਜੋ ਸਮਾਂ ਪਾ ਕੇ ਸੂਰਜ ਵਾਂਗ ਚਮਕ ਉਠੀਆਂ। ਜਿੱਥੇ ਛਾਲਿਆਂ ਭਰੇ ਚਰਨ ਪਾਏ ਪਾਤਸ਼ਾਹ ਨੇ, ਹੁਣ ਉੱਥੇ ਸਥਾਨ ਬਣਿਆ ਗੁਰਦੁਆਰਾ ਚਰਨ ਕੰਵਲ ਸਾਹਿਬ। ਸਰਬੰਸਦਾਨੀ ਦਸਮੇਸ਼ ਪਿਤਾ ਗੁਰੂ ਗੋਬਿੰਦ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਪਵਿੱਤਰ ਧਰਤੀ ਮਾਛੀਵਾੜਾ, ਜੋ ਕਿ ਹੁਣ ਮਾਛੀਵਾੜਾ ਸਾਹਿਬ ਹੋ ਗਿਆ ਹੈ। ਗੁਰਦੁਆਰਾ ਚਰਨ ਕੰਵਲ ਸਾਹਿਬ ਤੋਂ ਇਲਾਵਾ ਗੁਰੂ ਜੀ ਦੇ ਪਠਾਣ ਭਗਤਾਂ (ਗਨੀ ਖ਼ਾਂ ਅਤੇ ਨਬੀ ਖ਼ਾਂ) ਦੇ ਨਾਂ ਤੇ ਇਕ ਗੁਰਦੁਆਰਾ ਗਨੀ ਖ਼ਾਂ ਨਬੀ ਖ਼ਾਂ, ਗੁਰ-ਦੁਆਰਾ ਚੁਬਾਰਾ ਸਾਹਿਬ ਤੇ ਗੁਰਦੁਆਰਾ ਕ੍ਰਿਪਾਨ ਭੇਂਟ ਸਾਹਿਬ ਸਮੇਤ ਇੱਥੇ ਚਾਰ ਇਤਿਹਾਸਕ ਗੁਰਦੁਆਰੇ ਹਨ। ਗੁਰਦੁਆਰਾ ਚਰਨ ਕੰਵਲ ਸਾਹਿਬ ਵਿਖੇ ਪੋਹ ਦੇ ਮਹੀਨੇ ਸ਼ਹੀਦਾਂ ਦੀ ਯਾਦ ’ਚ 8, 9 ਤੇ 10 ਪੋਹ (22, 23 ਤੇ 24 ਦਸੰਬਰ ਇਸ ਵਾਰ) ਨੂੰ ਭਾਰੀ ਇਕੱਠ ਹੁੰਦੇ ਤੇ ਦੀਵਾਨ ਸਜਦੇ ਹਨ। ਨੀਲੇ ਦੇ ਸ਼ਾਹ ਸਵਾਰ ਦੇ ਕੁੱਝ ਪਲਾਂ ਦੀ ਛੋਹ ਨੇ ਮਾਛੀਵਾੜੇ ਦਾ ਜੰਗਲ ਸਦਾ ਲਈ ਅਮਰ ਕਰ ਦਿਤਾ। ਹਕੂਮਤ ਦਾ ਬਾਗ਼ੀ ਸਮਝ ਜਦ ਸੰਸਾਰ ਨੇ ਦਰਵਾਜ਼ੇ ਬੰਦ ਕਰ ਲਏ ਤਾਂ ਮਾਛੀਵਾੜੇ ਦਾ ਜੰਗਲ ਬਾਜ਼ਾਂ ਵਾਲੇ ਦੀ ਪਨਾਹ ਬਣ ਗਿਆ ਅਤੇ ਉਹ ਕੁੱਝ ਪਲਾਂ ਦੀ ਪਨਾਹ ਨੇ ਮਾਛੀਵਾੜੇ ਚਾਨਣ ਚਾਨਣ ਕਰ ਦਿਤਾ। ਮਾਛੀਵਾੜੇ ਦੀ ਸਰਦਲ ਉਪਰ ਪਤਾ ਨਹੀਂ ਕਿੰਨੀ ਕੁ ਦੁਨੀਆਂ ਸਿਰ ਝੁਕਾਉਣ ਆਉਂਦੀ ਹੈ ਅਤੇ ਆਉਂਦੀ ਰਹੇਗੀ ਕਿਉਂਕਿ ਮਾਛੀਵਾੜਾ ਅਥਾਹ ਦਰਦ ਅਪਣੀ ਹਿੱਕ ਵਿਚ ਸਾਂਭੀ ਬੈਠਾ ਹੈ। ਉਨ੍ਹਾਂ ਸਮਿਆਂ ਦਾ ਦਰਦ ਜਦ ਸੰਸਾਰ ਨੇ ਉਸ ਸ਼ਾਹ ਸਵਾਰ ਲਈ ਉਸ ਸਮੇਂ ਦਰਵਾਜ਼ੇ ਬੰਦ ਕਰ ਲਏ ਜਦ ਉਹ ਅਪਣੇ ਪੁੱਤਾਂ ਦੀਆਂ ਲਾਸ਼ਾਂ ਲੰਘ ਕੇ ਆ ਰਿਹਾ ਸੀ। ਜਿਸ ਦੀ ਇਕ ਝਲਕ ਲਈ ਸੰਸਾਰ ਤਰਸਦਾ ਸੀ, ਅੱਜ ਉਸ ਦੀ ਪਨਾਹਗਾਹ ਜੇ ਬਣਿਆ ਤਾਂ ਉਹ ਸੀ ਮਾਛੀਵਾੜੇ ਦੇ ਜੰਗਲ। ਧੰਨ ਹੋ ਗਿਆ ਮਾਛੀਵਾੜੇ ਦਾ ਜੰਗਲ। ਕਿਸੇ ਸ਼ਾਇਰ ਦੀ ਕਲਮ ਨੇ ਸੱਚ ਲਿਖਿਆ ਹੈ ਕਿ...

ਮਾਛੀਵਾੜੇ ਦੇ ਜੰਗਲਾਂ ’ਚ ਚਰਨ ਪਾਏ,
ਤੇਰੀ ਛੋਹ ਨਾਲ ਉਹ ਜੰਗਲ ਆਬਾਦ ਹੋ ਗਿਆ।
ਜਿਸ ਜੰਡ ਹੇਠ ਕੀਤਾ ਬਿਸ਼ਰਾਮ ਦਾਤਾ,
ਉਹ ਸਵਰਗਾਂ ਤੋਂ ਸੋਹਣਾ ਜਿਹਾ ਖ਼੍ਵਾਬ ਹੋ ਗਿਆ।
ਜਿਸ ਖੂਹ ਦੀ ਸਿਰ੍ਹਾਣੇ ਦੀ ਥਾਂ ਟਿੰਡ ਵਰਤੀ,
ਜਲ ਉਸ ਦਾ ਹਯਾਤ ਵਾਲਾ ਆਬ ਹੋ ਗਿਆ।
ਗਨੀ ਖ਼ਾਂ, ਨਬੀ ਖ਼ਾਂ ਜਿਸ ਨੇ ਵੀ ਕੀਤੀ ਸੇਵਾ,
ਰੁਤਬਾ ਇਤਹਾਸ ’ਚ ਉਨ੍ਹਾਂ ਦਾ ਲਾਜਵਾਬ ਹੋ ਗਿਆ।
ਮੈਂ ਸੁਣਿਆਂ ਟਿੱਬਾ ਸੀ ਕਦੇ ਝਾੜੀਆਂ ਦਾ,
ਅੱਖੀਂ ਤੱਕਿਆ ਉਹ ਮਹਿਕਦਾ ਗੁਲਾਬ ਹੋ ਗਿਆ।
ਕੌਡੀ ਕਦਰ ਸੀ ਨਿਮਾਣੀ ਜਿਸ ਧਰਤੀ ਦੀ,
ਵਰ ਪਾ ਕੇ ਤੇਰਾ ਮੁੱਲ ਬੇਹਿਸਾਬ ਹੋ ਗਿਆ।
ਨਿੱਕਾ ਕਸਬਾ ਹੁੰਦਾ ਸੀ ਕਦੇ ਮਾਛੀਵਾੜਾ,
ਜੀਤੇ ਨੱਤਿਆ ਉਹ ‘ਮਾਛੀਵਾੜਾ ਸਾਹਿਬ’ ਹੋ ਗਿਆ।

ਅਮਰਜੀਤ ਸਿੰਘ ਢਿੱਲੋਂ


# ੴ ਸ਼ਹੀਦੀ ਸਮਾਗਮ ੴ

## ਸ੍ਰੀ ਮਾਛੀਵਾੜਾ ਸਾਹਿਬ ਇਲਾਕਾ ਨਿਵਾਸੀਆਂ ਸੰਗਤਾ ਵਲੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ, ਮਾਲਟਨ ਗੁਰੂਘਰ।

ਦਸਵੀਂ ਪਾਤਿਸ਼ਾਹੀ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸ੍ਰੀ ਮਾਛੀਵਾੜੇ ਸਾਹਿਬ ਦੀ ਧਰਤੀ ’ਤੇ ਪਹੁੰਚਣ ਤੇ ਉਹਨਾਂ ਦੀ ਆਮਦ ਨੂੰ ਮੁੱਖ ਰੱਖਦਿਆਂ ਅਤੇ ਚਾਰੇ ਸਾਹਿਬਜ਼ਾਦੇ ਤੇ ਮਾਤਾ ਗੁਜਰ ਕੌਰ ਤੇ ਸਭਾ ਵਿੱਚ ਸ਼ਹੀਦ ਹੋਏ ਸਾਰੇ ਸਿੰਘਾਂ ਸਿੰਘਣੀਆਂ ਨੂੰ ਸਮਰਪਿਤ ਪਿਛਲੇ ਸਾਲਾਂ ਦੀ ਤਰ੍ਹਾਂ ਸ੍ਰੀ ਮਾਛੀਵਾੜਾ ਸਾਹਿਬ ਇਲਾਕਾ ਨਿਵਾਸੀਆਂ ਵਲੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਕੀਤੀ ਜਾ ਰਹੀ ਹੈ। ਇਸ ਸਬੰਧ ਵਿਚ ਮਾਲਟਨ ਗੁਰੂ ਘਰ ਵਿਖੇ ਮਿਤੀ 23 ਦਸੰਬਰ ਨੂੰ ਅਖੰਡ ਪਾਠ ਸਾਹਿਬ ਅਰੰਭ ਹੋਣਗੇ ਜਿਹਨਾਂ ਦੇ ਭੋਗ 25 ਦਸੰਬਰ ਨੂੰ ਮੇਨ ਹਾਲ ਵਿੱਚ ਪਾਏ ਜਾਣਗੇ। ਕਿਰਪਾ ਕਰਕੇ ਸਭ ਸੰਗਤ ਤਿੰਨ ਦਿਨ ਗੁਰੂ ਘਰ ਵਿਖੇ ਹੁੰਮ ਹੁਮਾ ਕੇ ਪਹੁੰਚਣ ਦੀ ਕਿਰਪਾਲਤਾ ਕਰੋ ਜੀ।

ਹੋਰ ਜਾਣਕਾਰੀ ਲਈ ਸੰਪਰਕ ਕਰੋ ਜੀ - ਗੁਰਪ੍ਰੀਤ ਸਿੰਘ ਉਪਲ 647-207-1887, ਸਤਪਾਲ ਸਿੰਘ ਗਰੇਵਾਲ 519-405-0075, ਜਸਵੰਤ ਸਿੰਘ 647-207-1887, ਉਜਾਗਰ ਸਿੰਘ ਗਿੱਲ 647-203-4090, ਕਾਕਾ ਸਿੰਘ ਤੱਖਰਾ 647-400-9991


Wishing You a
MERRY CHRISTMAS
and a
HAPPY NEW YEAR
Ruby Sahota
Your Member of Parliament
RubySahotaLib
Ruby.Sahota@parl.gc.ca
905-840-0505


Merry Christmas
and
HAPPY NEW YEAR
TAX-FREE
Happy Holidays!
Wishing you happiness, success, and a wonderful New Year ahead!
Starting Dec 14, 2024 Canadians will enjoy a tax break on everyday essential goods until February 15, 2025!
As we celebrate this holiday season, I want to take a moment to wish each and every one of you a Merry Christmas and a Happy New Year! This time of year is about family, community, and the warmth we share with one another. I'm happy to share that the new GST/HST tax break, running from December 14, 2024, to February 15, 2025, is here to bring a little extra relief during these challenging times. You've all worked hard, and you deserve a break. Wishing you peace, joy, and a wonderful year ahead surrounded by those you love.
– Sonia Sidhu
SONIA SIDHU
Member of Parliament
Brampton South
905-846-0076
sonia.sidhu@parl.gc.ca


Algoma
UNIVERSITY
MY MISSION:
A career in law that tackles climate change
The individual missions of our students are inspired by Algoma University's Special Mission, which is what sets us apart – and brings us together.

